PRESS INFORMATION BUREAU
GOVT. OF INDIA
CHANDIGARH

Newspaper: - AJIT    Publication: - Chandigarh    Dated: 29/1/2019

# 15ਵਾਂ ਵਿੱਤ ਕਮਿਸ਼ਨ ਅੱਜ ਪੁੱਜੇਗਾ ਚੰਡੀਗੜ੍ਹ

## ਪੰਜਾਬ ਦੀਆਂ ਰਾਜਨੀਤਕ ਪਾਰਟੀਆਂ ਨਾਲ ਹੋਣਗੀਆਂ ਮੁਲਾਕਾਤਾਂ

### ਮੁੱਖ ਮੰਤਰੀ ਤੇ ਵਿੱਤ ਮੰਤਰੀ ਨਾਲ ਭਲਕੇ ਹੋਵੇਗੀ ਬੈਠਕ

ਚੰਡੀਗੜ੍ਹ, 28 ਜਨਵਰੀ (ਹਰਕਵਲਜੀਤ ਸਿੰਘ)-ਭਾਰਤ ਸਰਕਾਰ ਵਲੋਂ ਰਾਜਾਂ ਦੀਆਂ ਵਿੱਤੀ ਲੋੜਾਂ, ਤਰਜੀਹਾਂ ਤੇ ਵਿੱਤੀ ਪ੍ਰਬੰਧ ਦਾ ਜਾਇਜ਼ਾ ਲੈਣ ਲਈ ਗਠਿਤ 15ਵੇਂ ਵਿੱਤ ਕਮਿਸ਼ਨ ਦੀ 17 ਮੈਂਬਰੀ ਟੀਮ ਕੱਲ੍ਹ ਇੱਥੇ ਪੁੱਜੇਗੀ ਤੇ ਕਮਿਸ਼ਨ ਵਲੋਂ ਕੱਲ੍ਹ ਪੰਜਾਬ ਦੀਆਂ ਰਾਜਨੀਤਕ ਪਾਰਟੀਆਂ ਨੂੰ ਰਾਜ ਦੀਆਂ ਵਿੱਤੀ ਸਮੱਸਿਆਵਾਂ ਤੇ ਲੋੜਾਂ ਵਿਚਾਰਨ ਲਈ ਸੱਦਾ ਦਿੱਤਾ ਹੋਇਆ ਹੈ। ਕੱਲ੍ਹ ਦੀਆਂ ਇਨ੍ਹਾਂ ਬੈਠਕਾਂ ਦੌਰਾਨ ਰਾਜ ਦੀਆਂ ਸਾਰੀਆਂ ਮਾਨਤਾ ਪ੍ਰਾਪਤ ਸਿਆਸੀ ਪਾਰਟੀਆਂ ਆਪਣੇ ਵਿਚਾਰ ਅਤੇ ਸਿਫ਼ਾਰਿਸ਼ਾਂ ਲਿਖਤੀ ਤੌਰ 'ਤੇ ਕਮਿਸ਼ਨ ਨੂੰ ਦੇ ਸਕਦੀਆਂ ਹਨ ਅਤੇ ਕਮਿਸ਼ਨ ਨੂੰ ਆਪਣੇ ਵਿਚਾਰਾਂ ਤੋਂ ਜਾਣੂ ਵੀ ਕਰਵਾ ਸਕਦੀਆਂ ਹਨ। ਕੈਪਟਨ ਸਰਕਾਰ ਜਿਸ ਵਲੋਂ ਵਿੱਤ ਕਮਿਸ਼ਨ ਨੂੰ ਇਸ ਵਾਰ ਕਾਫ਼ੀ ਮਹੱਤਤਾ ਦਿੱਤੀ ਜਾ ਰਹੀ ਹੈ ਵਲੋਂ ਉੱਚ ਅਧਿਕਾਰੀਆਂ ਦੀ ਇਕ ਟੀਮ ਨੂੰ ਮਗਰਲੇ ਕਈ ਦਿਨਾਂ ਤੋਂ ਰਾਜ ਸਰਕਾਰ ਵਲੋਂ ਕਮਿਸ਼ਨ ਸਾਹਮਣੇ ਰੱਖੇ ਜਾਣ ਵਾਲੇ ਆਪਣੇ ਮੰਗ ਪੱਤਰ ਦੀ ਤਿਆਰੀ 'ਚ ਲਗਾਇਆ ਹੋਇਆ ਹੈ ਤਾਂ ਜੋ ਸੂਬੇ ਲਈ ਕੇਂਦਰੀ ਗਰਾਂਟਾਂ ਅਤੇ ਕੇਂਦਰੀ ਸਹਾਇਤਾ 'ਚੋਂ ਵਧੇਰੇ ਹਿੱਸਾ ਮੰਗਿਆ ਜਾ ਸਕੇ। ਪੰਜਾਬ ਵਲੋਂ

(ਬਾਕੀ ਸਫ਼ਾ 13 'ਤੇ)

# 15ਵਾਂ ਵਿੱਤ ਕਮਿਸ਼ਨ ਅੱਜ ਪੁੱਜੇਗਾ ਚੰਡੀਗੜ੍ਹ

(ਸਫ਼ਾ 1 ਦੀ ਬਾਕੀ)

ਕੇਂਦਰੀ ਫ਼ੰਡ ਵੱਖ-ਵੱਖ ਸਕੀਮਾਂ ਹੇਠ ਦੇਣ ਦੀ ਥਾਂ ਸੂਬਿਆਂ ਨੂੰ ਉਨ੍ਹਾਂ ਦੀਆਂ ਲੋੜਾਂ ਅਤੇ ਸਥਾਨਕ ਤਰਜੀਹਾਂ ਅਨੁਸਾਰ ਖ਼ਰਚਣ ਦੀ ਖੁੱਲ੍ਹ ਨਾਲ ਦਿੱਤੇ ਜਾਣ ਦੀ ਮੰਗ ਨੂੰ ਰਾਜ ਸਰਕਾਰ ਇਸ ਵਾਰ ਫਿਰ ਜ਼ੋਰ ਨਾਲ ਪੇਸ਼ ਕਰੇਗੀ, ਜਦੋਂਕਿ ਟੈਕਸਾਂ 'ਚੋਂ ਰਾਜਾਂ ਦੇ ਹਿੱਸੇ ਨੂੰ ਵਧਾਉਣ ਦਾ ਮੁੱਦਾ ਵੀ ਰਾਜ ਸਰਕਾਰ ਵਲੋਂ ਉਠਾਇਆ ਜਾਵੇਗਾ। ਰਾਜ ਦੇ ਵਿੱਤ ਮੰਤਰੀ ਮਨਪ੍ਰੀਤ ਸਿੰਘ ਬਾਦਲ ਜਿਨ੍ਹਾਂ ਵਲੋਂ ਰਾਜ ਸਰਕਾਰ ਦਾ ਕੇਸ ਤਿਆਰ ਕਰਨ ਵੱਲ ਵਿਸ਼ੇਸ਼ ਧਿਆਨ ਦਿੱਤਾ ਗਿਆ ਹੈ ਵਲੋਂ ਕੇਂਦਰੀ ਫ਼ੰਡਾਂ ਦੀ ਵੰਡ 'ਚ ਪੰਜਾਬ ਨਾਲ ਹੁੰਦੇ ਵਿਤਕਰੇ ਅਤੇ ਧੱਕੇ ਦਾ ਮੁੱਦਾ ਵੀ ਉਭਾਰਿਆ ਜਾਵੇਗਾ ਅਤੇ ਰਾਜ ਸਰਕਾਰ ਵਲੋਂ ਸੂਬਿਆਂ ਲਈ ਵਧੇਰੇ ਆਰਥਿਕ ਖ਼ੁਦਮੁਖ਼ਤਿਆਰੀ ਦਾ ਮੁੱਦਾ ਵੀ ਦੁਬਾਰਾ ਦੁਹਰਾਇਆ ਜਾਵੇਗਾ। ਕਮਿਸ਼ਨ ਸਾਹਮਣੇ ਰਾਜ ਸਰਕਾਰ ਦਾ ਪੱਖ ਮੁੱਖ ਤੌਰ 'ਤੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਅਤੇ ਵਿੱਤ ਮੰਤਰੀ ਮਨਪ੍ਰੀਤ ਸਿੰਘ ਬਾਦਲ ਵਲੋਂ ਰੱਖਿਆ ਜਾਵੇਗਾ, ਜਦੋਂਕਿ ਕਮਿਸ਼ਨ ਨਾਲ ਮੀਟਿੰਗ ਮੰਤਰੀ ਮੰਡਲ ਦੇ ਦੂਜੇ ਸਾਰੇ ਮੈਂਬਰ ਅਤੇ ਸੂਬੇ ਦੇ ਸੀਨੀਅਰ ਅਧਿਕਾਰੀ ਵੀ ਹਾਜ਼ਰ ਰਹਿਣਗੇ। ਵਰਨਣਯੋਗ ਹੈ ਕਿ ਕੇਂਦਰ ਸਰਕਾਰ ਵਲੋਂ ਹਰ 10 ਸਾਲ ਬਾਅਦ ਵਿਧਾਨਿਕ ਲੋੜ ਅਨੁਸਾਰ ਵਿੱਤ ਕਮਿਸ਼ਨ ਦਾ ਗਠਨ ਕੀਤਾ ਜਾਂਦਾ ਹੈ ਜੋ ਕੇਂਦਰ ਅਤੇ ਰਾਜ ਸਰਕਾਰਾਂ ਦੀਆਂ ਨੀਤੀਆਂ ਦਾ ਮੁਲਾਂਕਣ ਕਰਨ ਅਤੇ ਲੋੜਾਂ ਤੇ ਤਰਜੀਹਾਂ ਅਤੇ ਵਿੱਤੀ ਪ੍ਰਬੰਧ ਸਬੰਧੀ ਕੇਂਦਰ ਸਰਕਾਰ ਨੂੰ ਆਪਣੀਆਂ ਸਿਫ਼ਾਰਿਸ਼ਾਂ ਪੇਸ਼ ਕਰਦਾ ਹੈ, ਜਿਸ ਨੂੰ ਅਗਲੇ ਦਹਾਕੇ ਲਈ ਕੇਂਦਰ ਸਰਕਾਰ ਆਪਣੀ ਵਿੱਤੀ ਨੀਤੀ ਦਾ ਆਧਾਰ ਬਣਾਉਂਦੀ ਹੈ। ਵੇਖਣ ਵਾਲੀ ਗੱਲ ਇਹ ਹੋਵੇਗੀ ਕਿ ਵਿੱਤ ਕਮਿਸ਼ਨ ਪੰਜਾਬ ਸਰਕਾਰ ਦੀਆਂ ਸਰਹੱਦੀ ਸੂਬਿਆਂ ਦੇ ਵਿਕਾਸ ਅਤੇ ਸਨਅਤੀਕਰਨ ਵੱਲ ਧਿਆਨ ਦੇਣ, ਰਾਜ ਵਿਚ ਪਾਣੀ ਦੇ ਡਿਗਦੇ ਪੱਧਰ ਨੂੰ ਰੋਕਣ ਲਈ ਫ਼ਸਲਾਂ ਦੀ ਵਿਭਿੰਨਤਾ ਦੇ ਪ੍ਰੋਗਰਾਮ, ਬੇਰੁਜ਼ਗਾਰੀ ਅਤੇ ਕਿਸਾਨੀ ਦੀ ਮੰਦਹਾਲੀ ਅਤੇ ਪੰਜਾਬ 'ਚ ਅਨੁਸੂਚਿਤ ਜਾਤਾਂ ਤੇ ਪੱਛੜੀਆਂ ਜਾਤਾਂ ਦੀ ਵੱਡੇ ਪ੍ਰਤੀਸ਼ਤ ਨੂੰ ਮੁੱਖ ਰੱਖ ਕੇ ਵਿਕਾਸ ਲਈ ਵਿਸ਼ੇਸ਼ ਗਰਾਂਟਾਂ ਦੇਣ ਵਰਗੀਆਂ ਮੰਗਾਂ ਵੱਲ ਕਿੰਨਾ ਕੁ ਧਿਆਨ ਦਿੰਦਾ ਹੈ। ਇਸੇ ਤਰ੍ਹਾਂ ਰਾਜ ਸਰਕਾਰ ਸਰਹੱਦ ਪਾਰੋਂ ਰਾਜ ਦੀ ਸ਼ਾਂਤੀ ਨੂੰ ਭੰਗ ਕਰਨ ਦੀਆਂ ਕੋਸ਼ਿਸ਼ਾਂ ਕਾਰਨ ਰਾਜ 'ਚ ਸੁਰੱਖਿਆ ਤੰਤਰ ਨੂੰ ਚੁਸਤ-ਦਰੁਸਤ ਕਰਨ ਲਈ ਵੀ ਵਿਸ਼ੇਸ਼ ਫ਼ੰਡਾਂ ਦੀ ਮੰਗ ਕਰ ਸਕਦਾ ਹੈ।

15वां वित्त आयोग आज पहुंचेगा चण्डीगढ़

**PRESS INFORMATION BUREAU**
**GOVT. OF INDIA**
**JALANDHAR**

**1. Name of Newspaper** : **Daily Akali Patrika**
**2.Place** : **Jalandhar**
**3.Dated** : 30-1-2019
**4. Language** : **Punjabi**

# 15ਵੇਂ ਵਿੱਤ ਕਮਿਸ਼ਨ ਦਾ ਪੰਜਾਬ ਦੌਰਾ



**ਚੰਡੀਗੜ੍ਹ • ਸੁਖਦੇਵ ਸਿੰਘ ਪਟਵਾਰੀ**

15ਵੇਂ ਵਿੱਤ ਕਮਿਸ਼ਨ ਨੇ ਅੱਜ ਇੱਥੇ ਤਾਜ ਹੋਟਲ ਵਿੱਚ ਪੰਚਾਇਤੀ ਰਾਜ ਸੰਸਥਾਵਾਂ (ਪੀ. ਆਰ. ਆਈਜ਼), ਸ਼ਹਿਰੀ ਸਥਾਨਕ ਸਰਕਾਰਾਂ (ਯੂ.ਐਲ.ਬੀਜ਼) ਅਤੇ ਸਾਰੀਆਂ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗਾਂ ਕੀਤੀਆਂ। ਇਸ ਤੋਂ ਪਹਿਲਾਂ ਪੰਜਾਬ ਦੇ ਵਿੱਤ ਮੰਤਰੀ ਸ੍ਰੀ ਮਨਪ੍ਰੀਤ ਸਿੰਘ ਬਾਦਲ, ਪ੍ਰਮੁੱਖ ਸਕੱਤਰ ਵਿੱਤ ਸ੍ਰੀ ਅਨਿਰੁੱਧ ਤਿਵਾਰੀ ਅਤੇ ਹੋਰ ਸੀਨੀਅਰ ਅਧਿਕਾਰੀਆਂ ਨੇ ਮੁਹਾਲੀ ਕੌਮਾਂਤਰੀ ਹਵਾਈ ਅੱਡੇ ਉਤੇ ਇਸ ਸਤਾਰਾਂ ਮੈਂਬਰੀ ਕਮਿਸ਼ਨ ਦਾ ਨਿੱਘਾ ਸਵਾਗਤ ਕੀਤਾ। ਇਹ ਉੱਚ ਪੱਧਰੀ ਕਮਿਸ਼ਨ ਚੇਅਰਮੈਨ ਐਨ.ਕੇ. ਸਿੰਘ ਦੀ ਅਗਵਾਈ ਹੇਠ ਚਾਰ ਦਿਨਾਂ ਦੌਰੇ ਉਤੇ ਪੰਜਾਬ ਆਇਆ ਹੈ। ਕਮਿਸ਼ਨ ਵਿੱਚ ਡਾ. ਅਨੂਪ ਸਿੰਘ (ਮੈਂਬਰ), ਡਾ. ਅਸ਼ੋਕ ਲਹਿਰੀ (ਮੈਂਬਰ), ਡਾ. ਰਮੇਸ਼ ਚੰਦ (ਮੈਂਬਰ), ਸ੍ਰੀ ਅਰਵਿੰਦ ਮਹਿਤਾ (ਸਕੱਤਰ), ਸ੍ਰੀ ਮੁੱਖਮੀਤ ਸਿੰਘ ਭਾਟੀਆ (ਸੰਯੁਕਤ ਸਕੱਤਰ), ਡਾ. ਰਵੀ ਕੋਟਾ (ਸੰਯੁਕਤ ਸਕੱਤਰ), ਸ੍ਰੀ ਐਂਟਨੀ ਸਿਰਿਕ (ਆਰਥਿਕ ਸਲਾਹਕਾਰ), ਮੌਸਮੀ ਚੱਕਰਵਰਤੀ (ਮੀਡੀਆ ਸਲਾਹਕਾਰ), ਸ੍ਰੀ ਭਾਰਤ ਭੂਸ਼ਨ ਗਰਗ (ਡਾਇਰੈਕਟਰ ਕਮ-ਓ.ਐਸ.ਡੀ. ਟੂ ਚੇਅਰਮੈਨ), ਸ੍ਰੀ ਗੋਪਾਲ ਪ੍ਰਸਾਦ (ਡਾਇਰੈਕਟਰ), ਸ੍ਰੀ ਜਸਵਿੰਦਰ ਸਿੰਘ (ਡਾਇਰੈਕਟਰ), ਆਦਿਤੀ ਪਾਠਕ (ਡਿਪਟੀ ਡਾਇਰੈਕਟਰ), ਸ੍ਰੀ ਮਹੇਸ਼ ਕੁਮਾਰ (ਸਹਾਇਕ ਡਾਇਰੈਕਟਰ), ਸ੍ਰੀ ਸੁਨੀਲ ਦੂਬੇ (ਏ.ਐਸ.ਓ.), ਸ੍ਰੀ ਅਨੀਕੇਤ (ਜੂਨੀਅਰ ਸਲਾਹਕਾਰ) ਅਤੇ ਸ੍ਰੀ ਆਰ. ਸੁਰੇਸ਼ (ਪੀ.ਏ. ਟੂ ਚੇਅਰਮੈਨ) ਸ਼ਾਮਲ ਹਨ। ਪੰਚਾਇਤੀ ਰਾਜ ਸੰਸਥਾਵਾਂ ਦੇ ਨੁਮਾਇੰਦਿਆਂ ਨਾਲ ਪਹਿਲੀ ਮੀਟਿੰਗ ਵਿੱਚ ਦਿਹਾਤੀ ਲੋਕ ਨੁਮਾਇੰਦਿਆਂ ਨੇ ਸੂਬੇ ਦੇ ਪਿੰਡਾਂ ਦੀ ਕਾਇਆ ਕਲਪ ਅਤੇ ਸਮੁੱਚੇ ਵਿਕਾਸ ਲਈ ਕਮਿਸ਼ਨ ਤੋਂ ਵਿੱਤੀ ਇਮਦਾਦ ਮੰਗੀ। ਇਸ ਮੀਟਿੰਗ ਵਿੱਚ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਦੇ ਪ੍ਰਮੁੱਖ ਸਕੱਤਰ ਸ੍ਰੀ ਅਨੁਰਾਗ ਵਰਮਾ, ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਦੇ ਡਾਇਰੈਕਟਰ ਸ੍ਰੀ ਜਸਕਿਰਨ ਸਿੰਘ ਅਤੇ ਪੰਚਾਂ-ਸਰਪੰਚਾਂ ਤੋਂ ਇਲਾਵਾ ਬਲਾਕ ਸਮਿਤੀਆਂ ਅਤੇ ਜ਼ਿਲ੍ਹਾ ਪ੍ਰੀਸ਼ਦਾਂ ਦੇ ਮੈਂਬਰ ਹਾਜ਼ਰ ਸਨ। ਇਸ ਤੋਂ ਬਾਅਦ ਕਮਿਸ਼ਨ ਨੇ ਰਾਜਸੀ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਗੱਲਬਾਤ ਕੀਤੀ। ਇਸ ਮੀਟਿੰਗ ਵਿੱਚ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਸ੍ਰੀ ਸੁਨੀਲ ਜਾਖੜ ਤੋਂ ਇਲਾਵਾ ਕਾਂਗਰਸੀ ਵਿਧਾਇਕ ਸ੍ਰੀ ਕੁਲਜੀਤ ਸਿੰਘ ਨਾਗਰਾ ਤੇ ਸ੍ਰੀ ਅਮਿਤ ਵਿਜ ਸ਼ਾਮਲ ਹੋਏ। ਕਮਿਸ਼ਨ ਨਾਲ ਇਸ ਬੈਠਕ ਵਿੱਚ ਆਮ ਆਦਮੀ ਪਾਰਟੀ ਪੰਜਾਬ ਦੇ ਵਿਧਾਇਕ ਸ੍ਰੀ ਅਮਨ ਅਰੋੜਾ ਤੇ ਪਾਰਟੀ ਦੇ ਲੀਗਲ ਸੈੱਲ ਦੇ ਪ੍ਰਧਾਨ ਜਸਤੇਜ ਸਿੰਘ, ਸ਼੍ਰੋਮਣੀ ਅਕਾਲੀ ਦਲ ਦੇ ਵਿਧਾਇਕ ਸ੍ਰੀ ਪਰਮਿੰਦਰ ਸਿੰਘ ਢੀਂਡਸਾ ਅਤੇ ਪਾਰਟੀ ਦੇ ਸੀਨੀਅਰ ਮੀਤ ਪ੍ਰਧਾਨ ਡਾ. ਦਲਜੀਤ ਸਿੰਘ ਚੀਮਾ ਆਦਿ ਵੀ ਹਾਜ਼ਰ ਸਨ।

**■ ਕਮਿਸ਼ਨ ਵੱਲੋਂ ਪੰਚਾਇਤੀ ਰਾਜ, ਸ਼ਹਿਰੀ ਸਥਾਨਕ ਸਰਕਾਰਾਂ ਤੇ ਸਿਆਸੀ ਪਾਰਟੀਆਂ ਨਾਲ ਵਿਚਾਰ ਵਟਾਂਦਰਾ**

15वें वित्त आयोग का पंजाब दौरा

# JALANDHAR

1.Name of Newspaper : Ajit
2. Place : Jalandhar
3. Dated : 30-1-2019
4.Language : Punjabi

# ਵਿੱਤ ਕਮਿਸ਼ਨ ਵਲੋਂ ਸਿਆਸੀ ਪਾਰਟੀਆਂ, ਪੰਚਾਇਤਾਂ ਤੇ ਸਥਾਨਕ ਸਰਕਾਰਾਂ ਦੇ ਨੁਮਾਇੰਦਿਆਂ ਨਾਲ ਬੈਠਕਾਂ

## ਵਿੱਤ ਕਮਿਸ਼ਨ ਚਾਰ ਦਿਨਾ ਪੰਜਾਬ ਦੌਰੇ 'ਤੇ

ਚੰਡੀਗੜ੍ਹ, 29 ਜਨਵਰੀ (ਬਿਊਰੋ ਚੀਫ਼)-ਭਾਰਤ ਸਰਕਾਰ ਵਲੋਂ ਗਠਤ 15ਵੇਂ ਵਿੱਤ ਕਮਿਸ਼ਨ ਵਲੋਂ ਅੱਜ ਆਪਣੇ ਪੰਜਾਬ ਦੇ ਦੌਰੇ ਦੌਰਾਨ ਚੰਡੀਗੜ੍ਹ ਪੁੱਜਣ 'ਤੇ ਰਾਜ ਦੀਆਂ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਅਤੇ ਪੰਚਾਇਤੀ ਰਾਜ ਅਤੇ ਸਥਾਨਕ ਸਰਕਾਰਾਂ ਨਾਲ ਸਬੰਧਿਤ ਨੁਮਾਇੰਦਿਆਂ ਨਾਲ ਬੈਠਕਾਂ ਕਰਕੇ ਵੱਖ-ਵੱਖ ਖੇਤਰਾਂ ਦੀਆਂ ਵਿਕਾਸ ਅਤੇ ਵਿੱਤੀ ਲੋੜਾਂ ਨੂੰ ਵਿਚਾਰਿਆ। ਇਹ ਕਮਿਸ਼ਨ ਜਿਸ ਦੀ ਅਗਵਾਈ ਕਮਿਸ਼ਨ ਦੇ ਚੇਅਰਮੈਨ ਐਨ.ਕੇ. ਸਿੰਘ ਵਲੋਂ ਕੀਤੀ ਜਾ ਰਹੀ ਹੈ, ਵਿਚ ਡਾ. ਰਮੇਸ਼ ਚੰਦ, ਡਾ. ਅਨੂਪ ਸਿੰਘ, ਡਾ. ਅਸ਼ੋਕ ਲਹਿਰੀ (ਸਾਰੇ ਮੈਂਬਰ) ਅਤੇ ਸ੍ਰੀ ਅਰਵਿੰਦ ਮਹਿਤਾ ਸਕੱਤਰ ਅਤੇ ਮੁਖਮੀਤ ਸਿੰਘ ਭਾਟੀਆ ਤੇ ਡਾ. ਰਵੀ ਕੋਟਾ ਸੰਯੁਕਤ ਸਕੱਤਰ ਅਤੇ ਆਰਥਿਕ ਸਲਾਹਕਾਰ ਸ੍ਰੀ ਐਂਟਨੀ ਸ਼ਿਰਕ ਅਤੇ ਸ੍ਰੀ ਗੋਪਾਲ ਪ੍ਰਸਾਦ ਤੇ ਜਸਵਿੰਦਰ ਸਿੰਘ ਡਾਇਰੈਕਟਰ ਤੋਂ ਇਲਾਵਾ ਕਮਿਸ਼ਨ ਦੇ ਹੋਰ ਬਹੁਤ ਸਾਰੇ ਅਧਿਕਾਰੀ ਵੀ ਸ਼ਾਮਿਲ ਹਨ, ਜੋ 4 ਦਿਨਾਂ ਲਈ ਪੰਜਾਬ ਦੇ ਦੌਰੇ 'ਤੇ ਹਨ। ਕਮਿਸ਼ਨ ਨਾਲ ਪੰਜਾਬ ਦੀਆਂ ਸਿਆਸੀ ਪਾਰਟੀਆਂ ਵਲੋਂ ਬੈਠਕ ਦੌਰਾਨ ਇਕਮੁੱਠ ਹੋ ਕੇ ਪੰਜਾਬ ਲਈ ਪੈਕੇਜ ਦੀ ਮੰਗ ਕੀਤੀ ਗਈ ਅਤੇ ਮੰਗ ਰੱਖੀ ਗਈ ਕਿ ਪੰਜਾਬ ਨੂੰ ਸਰਹੱਦੀ ਸੂਬਾ ਹੋਣ ਕਾਰਨ ਵਿਸ਼ੇਸ਼ ਪੈਕੇਜ ਦੇਣ ਤੋਂ ਇਲਾਵਾ ਅੱਤਵਾਦ ਦਾ ਟਾਕਰਾ ਕਰਨ ਵਾਲੇ ਰਾਜ ਜੰਮੂ-ਕਸ਼ਮੀਰ ਅਤੇ ਸਰਹੱਦੀ ਸੂਬਿਆਂ ਹਿਮਾਚਲ, ਜੰਮੂ-ਕਸ਼ਮੀਰ ਅਤੇ ਉੱਤਰਾਖੰਡ ਵਾਂਗ ਸਨਅਤੀਕਰਨ ਲਈ ਵੀ ਵਿਸ਼ੇਸ਼ ਪੈਕੇਜ ਦਿੱਤਾ ਜਾਵੇ ਤਾਂ ਜੋ ਰਾਜ ਤੋਂ

(ਬਾਕੀ ਸਫ਼ਾ 11 'ਤੇ)



15ਵੇਂ ਵਿੱਤ ਕਮਿਸ਼ਨ ਦੇ ਚੇਅਰਮੈਨ ਐਨ.ਕੇ. ਸਿੰਘ ਚੰਡੀਗੜ੍ਹ ਵਿਖੇ ਕੀਤੀ ਬੈਠਕ ਦੌਰਾਨ ਪੰਜਾਬ ਕਾਂਗਰਸ ਪ੍ਰਧਾਨ ਸ੍ਰੀ ਸੁਨੀਲ ਜਾਖੜ, ਸ਼੍ਰੋਮਣੀ ਅਕਾਲੀ ਦਲ ਦੇ ਡਾ. ਦਲਜੀਤ ਸਿੰਘ ਚੀਮਾ ਅਤੇ ਪਰਮਿੰਦਰ ਸਿੰਘ ਢੀਂਡਸਾ ਤੋਂ ਇਲਾਵਾ ਹੋਰ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਗੱਲਬਾਤ ਕਰਦੇ ਹੋਏ। ਅਜੀਤ ਤਸਵੀਰ

# ਵਿੱਤ ਕਮਿਸ਼ਨ ਵਲੋਂ ਸਿਆਸੀ ਪਾਰਟੀਆਂ, ਪੰਚਾਇਤਾਂ ਤੇ ਸਥਾਨਕ ਸਰਕਾਰਾਂ ਦੇ ਨੁਮਾਇੰਦਿਆਂ ਨਾਲ ਬੈਠਕਾਂ

(ਸਫਾ 1 ਦੀ ਬਾਕੀ)

ਸਨਅਤਾਂ ਦੇ ਦੂਜੇ ਰਾਜਾਂ ਵਿਚ ਜਾਣ ਦੀ ਸਮੱਸਿਆ ਨੂੰ ਰੋਕਿਆ ਜਾ ਸਕੇ। ਕਾਂਗਰਸ ਤੋਂ ਇਲਾਵਾ ਅਕਾਲੀ ਦਲ ਅਤੇ ਦੂਜੀਆਂ ਪਾਰਟੀਆਂ ਵੀ ਕੇਂਦਰੀ ਸਕੀਮਾਂ ਨੂੰ ਬੰਦ ਕਰਕੇ ਰਾਜਾਂ ਨੂੰ ਆਪਣੀਆਂ ਸਥਾਨਕ ਲੋੜਾਂ ਅਨੁਸਾਰ ਕੇਂਦਰੀ ਫੰਡਾਂ 'ਚੋਂ ਹਿਸਾ ਦੇਣ ਅਤੇ ਟੈਕਸਾਂ 'ਚੋਂ ਰਾਜਾਂ ਦਾ ਹਿਸਾ 42 ਪ੍ਰਤੀਸ਼ਤ ਤੋਂ ਵਧਾ ਕੇ 50 ਪ੍ਰਤੀਸ਼ਤ ਕੀਤੇ ਜਾਣ ਦੀ ਵੀ ਮੰਗ ਰੱਖੀ। ਪੰਜਾਬ ਵਿਚ ਧਰਤੀ ਹੇਠਲਾ ਪਾਣੀ ਲਗਾਤਾਰ ਥੱਲੇ ਜਾਣ ਅਤੇ ਪਾਣੀ ਦੇ ਪ੍ਰਦੂਸ਼ਿਤ ਹੋਣ ਕਾਰਨ ਰਾਜ ਵਿਚ ਕੈਂਸਰ ਦੀ ਸਮੱਸਿਆ ਨਾਲ ਨਿਪਟਣ ਲਈ ਵੀ ਸਿਆਸੀ ਦਲਾਂ ਵਲੋਂ ਰਾਜ ਵਿਚ ਫ਼ਸਲਾਂ ਦੀ ਵਿਭਿੰਨਤਾ ਲਈ ਵਿਸ਼ੇਸ਼ ਪੈਕੇਜ ਦਿੱਤੇ ਜਾਣ ਅਤੇ ਸਿਹਤ ਸਹੂਲਤਾਂ ਵਿਚ ਸੁਧਾਰ ਦੀ ਲੋੜ 'ਤੇ ਜ਼ੋਰ ਦਿੱਤਾ। ਰਾਜ ਵਿਚੋਂ ਪਰਾਲੀ ਸਾੜਨ ਦੀ ਸਮੱਸਿਆ ਖ਼ਤਮ ਕਰਨ ਲਈ ਵੀ ਕੇਂਦਰ ਤੋਂ ਵਿੱਤੀ ਸਹਾਇਤਾ ਦੀ ਮੰਗ ਕੀਤੀ ਗਈ। ਅਕਾਲੀ ਦਲ ਦੇ ਡਾ. ਦਲਜੀਤ ਸਿੰਘ ਚੀਮਾ ਅਤੇ ਪਰਮਿੰਦਰ ਸਿੰਘ ਢੀਂਡਸਾ ਵਲੋਂ ਛੋਟੇ ਤੇ ਦਰਮਿਆਨੇ ਕਿਸਾਨਾਂ ਦੇ ਕਰਜ਼ੇ ਮੁਆਫ਼ ਕਰਨ ਅਤੇ ਰਾਜ ਦੀ 32 ਪ੍ਰਤੀਸ਼ਤ ਅਨੁਸੂਚਿਤ ਜਾਤਾਂ ਦੀ ਵਸੋਂ ਲਈ ਵੀ ਵਿਸ਼ੇਸ਼ ਵਿੱਤੀ ਸਹਾਇਤਾ ਦੀ ਮੰਗ ਕੀਤੀ। ਉਨ੍ਹਾਂ ਸਰਹੱਦ 'ਤੇ ਕੰਡਿਆਲੀ ਤਾਰ ਤੋਂ ਪਾਰ ਵਾਲੀ ਜ਼ਮੀਨ ਲਈ ਮੁਆਵਜ਼ਾ ਰਾਸ਼ੀ ਵਧਾਉਣ ਦੀ ਵੀ ਮੰਗ ਰੱਖੀ। ਤਕਰੀਬਨ ਸਾਰੀਆਂ ਸਿਆਸੀ ਪਾਰਟੀਆਂ ਵਲੋਂ ਜੀ.ਐਸ.ਟੀ. ਦੇ ਲਾਗੂ ਹੋਣ ਕਾਰਨ ਰਾਜ ਦੇ ਮਾਲੀਏ ਨੂੰ ਹੋ ਰਹੇ ਵੱਡੇ ਨੁਕਸਾਨ ਲਈ ਜੂਨ 2022 ਤੋਂ ਬਾਅਦ ਵੀ ਰਾਜ ਲਈ ਇਸ ਕਾਰਨ ਰਾਹਤ ਜਾਰੀ ਕਰਨ ਦੀ ਮੰਗ ਕੀਤੀ ਗਈ, ਜਦੋਂ ਕਿ ਫ਼ਸਲੀ ਖਰੀਦ ਲਿਮਟ ਦੇ 31 ਹਜ਼ਾਰ ਕਰੋੜ ਦੇ ਬਕਾਇਆ ਦੇ ਮੁੱਦੇ ਨੂੰ ਵੀ ਵਿੱਤ ਕਮਿਸ਼ਨ ਨੂੰ ਨਜਿੱਠਣ ਲਈ ਜ਼ੋਰਦਾਰ ਮੰਗ ਰੱਖੀ ਗਈ। ਰਾਜ ਦੀਆਂ ਸਿਆਸੀ ਪਾਰਟੀਆਂ ਵਲੋਂ ਅੱਜ ਕਾਂਗਰਸ ਵਲੋਂ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਸ੍ਰੀ ਸੁਨੀਲ ਜਾਖੜ, ਵਿਧਾਇਕ ਕੁਲਜੀਤ ਸਿੰਘ ਨਾਗਰਾ ਅਤੇ ਸ੍ਰੀ ਅਮਿਤ ਵਿਜ ਸ਼ਾਮਿਲ ਹੋਏ ਜਦੋਂ ਕਿ ਆਮ ਆਦਮੀ ਪਾਰਟੀ ਦੇ ਵਿਧਾਇਕ ਸ੍ਰੀ ਅਮਨ ਅਰੋੜਾ ਅਤੇ ਪਾਰਟੀ ਦੇ ਲੀਗਲ ਸੈੱਲ ਦੇ ਪ੍ਰਧਾਨ ਜਸਤੇਜ ਸਿੰਘ ਤੋਂ ਇਲਾਵਾ ਅਕਾਲੀ ਦਲ ਵਲੋਂ ਸਾਬਕਾ ਵਿੱਤ ਮੰਤਰੀ ਪਰਮਿੰਦਰ ਸਿੰਘ ਢੀਂਡਸਾ ਅਤੇ ਸਾਬਕਾ ਮੰਤਰੀ ਡਾ. ਦਲਜੀਤ ਸਿੰਘ ਚੀਮਾ ਤੋਂ ਇਲਾਵਾ ਭਾਜਪਾ ਦੇ ਸੀਨੀਅਰ ਆਗੂ ਡਾ. ਸੁਭਾਸ਼ ਸ਼ਰਮਾ, ਬਹੁਜਨ ਸਮਾਜ ਪਾਰਟੀ ਪੰਜਾਬ ਦੇ ਪਾਲ ਸਿੰਘ ਰੱਤੂ ਅਤੇ ਮੁਹਾਲੀ ਦੇ ਪ੍ਰਧਾਨ ਹਰਨੇਕ ਸਿੰਘ, ਸੀ.ਪੀ.ਆਈ. ਦੇ ਸਕੱਤਰ ਬੰਤ ਸਿੰਘ ਬਰਾੜ, ਸੀ.ਪੀ.ਆਈ.ਐਮ. ਦੇ ਸੁਖਵਿੰਦਰ ਸਿੰਘ ਸੇਖੋਂ ਅਤੇ ਰਘੁਨਾਥ ਸਿੰਘ ਅਤੇ ਨੈਸ਼ਨਲਿਸਟ ਕਾਂਗਰਸ ਦੇ ਸਵਰਨ ਸਿੰਘ ਅਤੇ ਗੁਰਿੰਦਰ ਸਿੰਘ ਤੋਂ ਇਲਾਵਾ ਆਲ ਇੰਡੀਆ ਤ੍ਰਿਣਮੂਲ ਕਾਂਗਰਸ ਪੰਜਾਬ ਦੇ ਕਨਵੀਨਰ ਮਨਜੀਤ ਸਿੰਘ ਅਤੇ ਰੋਸ਼ਨ ਲਾਲ ਗੋਇਲ ਹਾਜ਼ਰ ਸਨ। ਇਸ ਤੋਂ ਪਹਿਲਾਂ ਕਮਿਸ਼ਨ ਵਲੋਂ ਰਾਜ ਦੀਆਂ ਪੰਚਾਇਤੀ ਸੰਸਥਾਵਾਂ ਦੇ ਨੁਮਾਇੰਦਿਆਂ ਨਾਲ ਵੀ ਮੁਲਾਕਾਤ ਕੀਤੀ, ਜਿਨ੍ਹਾਂ ਵਲੋਂ ਸੂਬੇ ਦੇ ਪਿੰਡਾਂ ਦੇ ਵਿਕਾਸ ਲਈ ਵਿਸ਼ੇਸ਼ ਵਿੱਤੀ ਮਦਦ ਦੀ ਮੰਗ ਰੱਖੀ ਗਈ। ਬੈਠਕ ਵਿਚ ਕੁਝ ਚੋਣਵੇਂ ਪੰਚਾਂ-ਸਰਪੰਚਾਂ ਤੋਂ ਇਲਾਵਾ ਜ਼ਿਲ੍ਹਾ ਪ੍ਰੀਸ਼ਦਾਂ ਦੇ ਕਈ ਮੈਂਬਰ ਵੀ ਸ਼ਾਮਿਲ ਸਨ। ਇਕ ਹੋਰ ਬੈਠਕ ਵਿਚ ਸ਼ਹਿਰੀ ਖੇਤਰਾਂ ਦੀਆਂ ਸਥਾਨਕ ਸਰਕਾਰਾਂ ਨਾਲ ਸਬੰਧਤ ਨੁਮਾਇੰਦੇ, ਜਿਨ੍ਹਾਂ ਵਿਚ ਨਗਰ ਕੌਂਸਲਾਂ ਅਤੇ ਨਗਰ ਨਿਗਮਾਂ ਤੇ ਨਗਰ ਪੰਚਾਇਤਾਂ ਦੇ ਮੇਅਰ, ਪ੍ਰਧਾਨ ਤੇ ਕਮਿਸ਼ਨਰ ਅਤੇ ਸਥਾਨਕ ਸਰਕਾਰਾਂ ਵਿਭਾਗ ਨਾਲ ਸਬੰਧਿਤ ਅਧਿਕਾਰੀ ਵੀ ਸ਼ਾਮਿਲ ਸਨ, ਵਲੋਂ ਰਾਜ ਦੇ ਸ਼ਹਿਰੀ ਖੇਤਰਾਂ ਨਾਲ ਸਬੰਧਿਤ ਸਮੱਸਿਆਵਾਂ ਕਮਿਸ਼ਨ ਸਾਹਮਣੇ ਰੱਖੀਆਂ ਗਈਆਂ ਅਤੇ ਕਮਿਸ਼ਨ ਤੋਂ ਇਨ੍ਹਾਂ ਖੇਤਰਾਂ ਲਈ ਬੁਨਿਆਦੀ ਸਹੂਲਤਾਂ, ਜਿਨ੍ਹਾਂ 'ਚ ਸੀਵਰੇਜ, ਪੀਣ ਵਾਲਾ ਪਾਣੀ, ਸੜਕੀ ਆਵਾਜਾਈ ਅਤੇ ਦੂਜੀਆਂ ਸਹੂਲਤਾਂ ਲਈ ਵਿਸ਼ੇਸ਼ ਫੰਡਾਂ ਦੀ ਮੰਗ ਕੀਤੀ ਗਈ। ਕਮਿਸ਼ਨ ਦੇ ਮੈਂਬਰਾਂ ਨੂੰ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵਲੋਂ ਅੱਜ ਰਾਤ ਦਾ ਖਾਣਾ ਵੀ ਆਪਣੇ ਨਿਵਾਸ ਅਸਥਾਨ 'ਤੇ ਦਿੱਤਾ ਗਿਆ, ਜਦੋਂ ਕਿ ਕਮਿਸ਼ਨ ਦੇ ਚੇਅਰਮੈਨ ਅਤੇ ਮੈਂਬਰਾਂ ਨਾਲ ਮੁੱਖ ਮੰਤਰੀ ਦੀ ਬਕਾਇਦਾ ਬੈਠਕ ਕੱਲ੍ਹ ਸਵੇਰੇ ਹੋਵੇਗੀ, ਜਿਸ ਵਿਚ ਵਿੱਤ ਮੰਤਰੀ ਮਨਪ੍ਰੀਤ ਸਿੰਘ ਬਾਦਲ ਤੋਂ ਇਲਾਵਾ ਦੂਜੇ ਸੀਨੀਅਰ ਮੰਤਰੀ ਤੇ ਰਾਜ ਦੇ ਅਧਿਕਾਰੀ ਵੀ ਹਾਜ਼ਰ ਹੋਣਗੇ। ਕਮਿਸ਼ਨ ਦੇ ਮੈਂਬਰ ਪਰਸੋਂ ਅੰਮ੍ਰਿਤਸਰ ਜਾਣਗੇ। ਅੱਜ ਚੰਡੀਗੜ੍ਹ ਪੁੱਜਣ 'ਤੇ ਮੁਹਾਲੀ ਦੇ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਰਾਜ ਦੇ ਵਿੱਤ ਮੰਤਰੀ ਮਨਪ੍ਰੀਤ ਸਿੰਘ ਬਾਦਲ ਅਤੇ ਦੂਜੇ ਸੀਨੀਅਰ ਅਧਿਕਾਰੀਆਂ ਵਲੋਂ ਕਮਿਸ਼ਨ ਮੈਂਬਰਾਂ ਦਾ ਨਿੱਘਾ ਸਵਾਗਤ ਕੀਤਾ ਗਿਆ।

ਵਿੱਤ ਆਯੋਗ ਦੁਆਰਾ ਰਾਜਨੀਤਿਕ ਦਲਾਂ, ਪੰਚਾਇਤਾਂ ਵ ਸਥਾਨੀਯ ਨਿਕਾਯ [?] ਦੇ ਪ੍ਰਤਿਨਿਧਿਆਂ ਦੇ ਬੈਠਕ।

**PRESS INFORMATION BUREAU**
**GOVT. OF INDIA**
**JALANDHAR**

1. Name of Newspaper : Daily Jagbani
2. Place : Jalandhar
3. Dated : 30-1-2019
4. Language : Punjabi

# 15ਵੇਂ ਵਿੱਤ ਕਮਿਸ਼ਨ ਦਾ ਡੈਲੀਗੇਸ਼ਨ ਤਿੰਨ ਦਿਨਾ ਪੰਜਾਬ ਦੌਰੇ 'ਤੇ ਪੁੱਜਾ

## ਪਹਿਲੇ ਦਿਨ ਪੰਚਾਇਤੀ ਤੇ ਸ਼ਹਿਰੀ ਸੰਸਥਾਵਾਂ ਅਤੇ ਸਿਆਸੀ ਪਾਰਟੀਆਂ ਨਾਲ ਕੀਤੀ ਮੀਟਿੰਗ



15ਵੇਂ ਵਿੱਤ ਕਮਿਸ਼ਨ ਦੇ ਚੇਅਰਮੈਨ ਐੱਨ. ਕੇ. ਸਿੰਘ ਦਾ ਚੰਡੀਗੜ੍ਹ ਪਹੁੰਚਣ 'ਤੇ ਸਵਾਗਤ ਕਰਦੇ ਮਨਪ੍ਰੀਤ ਬਾਦਲ ਤੇ (ਸੱਜੇ) ਕਮਿਸ਼ਨ ਦੀ ਮੀਟਿੰਗ 'ਚ ਭਾਗ ਲੈਂਦੇ ਸੁਨੀਲ ਜਾਖੜ, ਪਰਮਿੰਦਰ ਢੀਂਡਸਾ, ਡਾ. ਚੀਮਾ ਤੇ ਹੋਰ ਪਾਰਟੀਆਂ ਦੇ ਆਗੂ।(ਪਰਮਜੀਤ)

ਚੰਡੀਗੜ੍ਹ, 29 ਜਨਵਰੀ (ਭੁੱਲਰ)-ਐੱਨ. ਕੇ. ਸਿੰਘ ਦੀ ਅਗਵਾਈ ਹੇਠ ਦੇਸ਼ ਦੇ 15ਵੇਂ ਵਿੱਤ ਕਮਿਸ਼ਨ ਦਾ 17 ਮੈਂਬਰੀ ਡੈਲੀਗੇਸ਼ਨ ਅੱਜ ਇਥੇ ਪੰਜਾਬ ਦੇ ਤਿੰਨ ਦਿਨਾ ਦੌਰੇ 'ਤੇ ਪੁੱਜਾ। ਪੰਜਾਬ ਦੇ ਵਿੱਤ ਮੰਤਰੀ ਮਨਪ੍ਰੀਤ ਬਾਦਲ ਤੇ ਵਿਭਾਗ ਦੇ ਪ੍ਰਮੁੱਖ ਸਕੱਤਰ ਅਨਿਰੁੱਧ ਤਿਵਾੜੀ ਦੀ ਅਗਵਾਈ ਹੇਠ ਡੈਲੀਗੇਸ਼ਨ ਮੈਂਬਰਾਂ ਦਾ ਚੰਡੀਗੜ੍ਹ ਪਹੁੰਚਣ 'ਤੇ ਨਿੱਘਾ ਸਵਾਗਤ ਕੀਤਾ ਗਿਆ।

ਅੱਜ ਪਹਿਲੇ ਦਿਨ ਕਮਿਸ਼ਨ ਦੇ ਚੇਅਰਮੈਨ ਐੱਨ. ਕੇ. ਸਿੰਘ ਤੇ ਡੈਲੀਗੇਸ਼ਨ ਦੇ ਮੈਂਬਰਾਂ ਵਲੋਂ ਪੰਚਾਇਤੀ ਤੇ ਸ਼ਹਿਰੀ ਸੰਸਥਾਵਾਂ ਅਤੇ ਵੱਖ-ਵੱਖ ਸਿਆਸੀ ਪਾਰਟੀਆਂ ਦੇ ਆਗੂਆਂ ਨਾਲ ਮੀਟਿੰਗਾਂ ਕੀਤੀਆਂ ਗਈਆਂ। ਪੰਚਾਇਤੀ ਰਾਜ ਸੰਸਥਾਵਾਂ ਦੇ ਨੁਮਾਇੰਦਿਆਂ ਨਾਲ ਪਹਿਲੀ ਮੀਟਿੰਗ ਵਿਚ ਦਿਹਾਤੀ ਲੋਕ ਨੁਮਾਇੰਦਿਆਂ ਨੇ ਸੂਬੇ ਦੇ ਪਿੰਡਾਂ ਦੀ ਕਾਇਆਕਲਪ ਅਤੇ ਸਮੁੱਚੇ ਵਿਕਾਸ ਲਈ ਕਮਿਸ਼ਨ ਤੋਂ ਵਧੇਰੇ ਵਿੱਤੀ ਸਹਾਇਤਾ ਮੰਗੀ। ਸ਼ਹਿਰੀ ਸੰਸਥਾਵਾਂ ਦੀ ਮੀਟਿੰਗ ਵਿਚ ਆਧੁਨਿਕ ਸਹੂਲਤਾਂ ਤੇ ਬੁਨਿਆਦੀ ਢਾਂਚੇ ਦੀ ਮਜ਼ਬੂਤੀ ਲਈ ਵਿੱਤ ਕਮਿਸ਼ਨ ਤੋਂ ਸਹਾਇਤਾ ਪ੍ਰਾਪਤ ਕਰਨ ਲਈ ਸੁਝਾਅ ਦਿੱਤੇ ਗਏ। ਮੀਟਿੰਗ ਵਿਚ ਦਿਹਾਤੀ ਵਿਕਾਸ ਤੇ ਪੰਚਾਇਤ ਵਿਭਾਗ ਦੇ ਪ੍ਰਮੁੱਖ ਸਕੱਤਰ ਅਨੁਰਾਗ ਵਰਮਾ ਅਤੇ ਸਥਾਨਕ ਸਰਕਾਰ ਵਿਭਾਗ ਦੇ ਪ੍ਰਮੁੱਖ ਸਕੱਤਰ ਏ. ਵੇਣੂਪ੍ਰਸਾਦ ਸਮੇਤ ਰਾਜ ਸਰਕਾਰ ਦੇ ਉੱਚ ਅਧਿਕਾਰੀ ਮੌਜੂਦ ਸਨ।

ਇਸ ਤੋਂ ਬਾਅਦ ਵੱਖ-ਵੱਖ ਰਾਜਸੀ ਪਾਰਟੀਆਂ ਦੀ ਹੋਈ ਮੀਟਿੰਗ ਵਿਚ ਕਾਂਗਰਸ ਵਲੋਂ ਪ੍ਰਦੇਸ਼ ਕਾਂਗਰਸ ਪ੍ਰਧਾਨ ਸੁਨੀਲ ਜਾਖੜ, ਵਿਧਾਇਕ ਕੁਲਜੀਤ ਨਾਗਰਾ, ਅਮਿਤ ਵਿੱਜ, ਅਕਾਲੀ ਦਲ ਵਲੋਂ ਪਰਮਿੰਦਰ ਸਿੰਘ ਢੀਂਡਸਾ, ਡਾ. ਦਲਜੀਤ ਸਿੰਘ ਚੀਮਾ, ਆਪ ਵਲੋਂ ਅਮਨ ਅਰੋੜਾ, ਭਾਜਪਾ ਵਲੋਂ ਡਾ. ਸੁਭਾਸ਼ ਸ਼ਰਮਾ, ਤ੍ਰਿਣਮੂਲ ਕਾਂਗਰਸ ਦੇ ਸੂਬਾ ਕਨਵੀਨਰ ਮਨਜੀਤ ਸਿੰਘ, ਬਹੁਜਨ ਸਮਾਜ ਪਾਰਟੀ ਦੇ ਜ਼ੋਨਲ ਇੰਚਾਰਜ ਪਾਲ ਸਿੰਘ ਰੱਤੂ; ਸੀ.ਪੀ.ਆਈ. ਦੇ ਸੂਬਾ ਸਕੱਤਰ ਬੰਤ ਬਰਾੜ; ਸੀ.ਪੀ.ਆਈ. ਐੱਮ. ਦੇ ਸੂਬਾ ਸਕੱਤਰ ਸੁਖਵਿੰਦਰ ਸੇਖੋਂ ਸ਼ਾਮਲ ਹੋਏ। ਵੱਖ-ਵੱਖ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨੇ ਪੰਜਾਬ ਦੀ ਵਿੱਤੀ ਹਾਲਤ ਬਾਰੇ ਆਪਣੇ ਪੱਖ ਰੱਖਦਿਆਂ ਰਾਜ ਨੂੰ ਵਿਸ਼ੇਸ਼ ਆਰਥਿਕ ਪੈਕੇਜ ਦੇਣ ਦਾ ਮੁੱਦਾ ਮੁੱਖ ਤੌਰ 'ਤੇ ਉਠਾਇਆ। ਪੇਂਡੂ ਤੇ ਸ਼ਹਿਰੀ ਵਿਕਾਸ, ਕਿਸਾਨਾਂ, ਉਦਯੋਗਾਂ ਤੇ ਸਰਹੱਦੀ ਖੇਤਰਾਂ ਲਈ ਵਧੇਰੇ ਵਿੱਤੀ ਸਹਾਇਤਾ ਦੇਣ ਲਈ ਕਮਿਸ਼ਨ ਨੂੰ ਸੁਝਾਅ ਦਿੱਤੇ ਗਏ।

15वें वित्त आयोग का प्रतिनिधि-
मंडल तीन दिन के पंजाब दौरे पर पहुंचा।

PRESS INFORMATION BUREAU
GOVT. OF INDIA
JALANDHAR

1. Name of Newspaper : Daily Jagbani
2. Place : Jalandhar
3. Dated : 31-1-2019
4. Language : Punjabi

# ਕੈਪਟਨ ਅਮਰਿੰਦਰ ਨੇ ਮੰਗਿਆ ਵਿੱਤ ਕਮਿਸ਼ਨ ਤੋਂ ਵਿਸ਼ੇਸ਼ ਕਰਜ਼ਾ ਰਾਹਤ ਪੈਕੇਜ

## ਮੀਟਿੰਗ ਦੌਰਾਨ ਪਾਣੀ ਤੇ ਨਸ਼ੇ ਦੀ ਸਮੱਸਿਆ ਦੇ ਹੱਲ ਲਈ ਵੀ ਵਧੇਰੇ ਫੰਡ ਮੰਗੇ

ਚੰਡੀਗੜ੍ਹ, 30 ਜਨਵਰੀ (ਅਸ਼ਵਨੀ)- ਸੂਬੇ ਨੂੰ ਦਰਪੇਸ਼ ਵਿੱਤੀ ਸੰਕਟ ਦਾ ਜ਼ਿਕਰ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ 15ਵੇਂ ਵਿੱਤ ਕਮਿਸ਼ਨ ਪਾਸੋਂ ਵਿਸ਼ੇਸ਼ ਕਰਜ਼ਾ ਰਾਹਤ ਪੈਕੇਜ ਦੀ ਮੰਗ ਕੀਤੀ ਤਾਂ ਕਿ ਸੂਬੇ ਦੇ ਅਰਥਚਾਰੇ ਨੂੰ ਮੁੜ ਮਜ਼ਬੂਤ ਬਣਾਉਣ ਲਈ ਉਨ੍ਹਾਂ ਦੀ ਸਰਕਾਰ ਦੇ ਯਤਨਾਂ ਨੂੰ ਸਹਾਰਾ ਮਿਲ ਸਕੇ। ਇਸ ਦੇ ਨਾਲ ਹੀ ਮੁੱਖ ਮੰਤਰੀ ਨੇ ਪੰਜਾਬ ਵਿਚ ਸੰਕਟ ਨਾਲ ਜੂਝ ਰਹੇ ਕਿਸਾਨਾਂ ਦੇ ਸਾਰੇ ਕਰਜ਼ੇ 'ਤੇ ਲੀਕ ਫੇਰਨ ਲਈ ਯਕਮੁਸ਼ਤ ਪੈਕੇਜ ਵੀ ਮੰਗਿਆ। ਅੱਜ ਇਥੇ 15ਵੇਂ ਵਿੱਤ ਕਮਿਸ਼ਨ ਨਾਲ ਮੀਟਿੰਗ ਦੌਰਾਨ ਮੁੱਖ ਮੰਤਰੀ ਨੇ ਜੀ. ਐੱਸ. ਟੀ. ਲਾਗੂ ਹੋਣ ਤੋਂ ਬਾਅਦ ਸੂਬੇ ਨੂੰ ਮਾਲੀਏ ਪੱਖੋਂ ਸਥਾਈ ਘਾਟਾ ਹੋਣ ਦਾ ਜ਼ਿਕਰ ਕਰਦਿਆਂ ਦੱਸਿਆ ਕਿ ਕੇਂਦਰ ਸਰਕਾਰ ਵਲੋਂ ਦਿੱਤਾ ਜਾਂਦਾ ਮੁਆਵਜ਼ਾ ਵੀ ਇਕ ਜੁਲਾਈ, 2022 ਤੱਕ ਖਤਮ ਹੋ ਜਾਵੇਗਾ, ਜਿਸ ਤੋਂ ਬਾਅਦ ਸੂਬੇ ਦੇ ਮਾਲੀਏ ਵਿਚ ਸਾਲਾਨਾ 10,000-12,000 ਤੱਕ ਦੀ ਵੱਡੀ ਕਮੀ ਆਵੇਗੀ। ਇਸ ਘਾਟੇ ਦੇ ਮੱਦੇਨਜ਼ਰ ਮੁੱਖ ਮੰਤਰੀ ਨੇ ਕਿਹਾ ਕਿ ਭਾਰਤ ਸਰਕਾਰ ਵਲੋਂ ਪੰਜਾਬ ਵਰਗੇ ਸੂਬਿਆਂ ਲਈ ਮੁਆਵਜ਼ੇ ਦੇ ਸਬੰਧ ਵਿਚ ਬਣਾਇਆ ਫਾਰਮੂਲਾ 30 ਜੂਨ, 2022 ਤੋਂ ਬਾਅਦ ਵੀ ਜਾਰੀ ਰੱਖਿਆ ਜਾਵੇ ਤਾਂ ਜੋ ਇਹ ਸੂਬੇ ਸੰਕਟ ਵਿਚ ਨਾ ਫਸਣ। ਧਰਤੀ ਹੇਠਲੇ ਪਾਣੀ ਅਤੇ ਨਸ਼ਿਆਂ ਦੀ ਸਮੱਸਿਆ ਦੇ ਸਥਾਈ ਹੱਲ ਲਈ ਵੀ ਮੁੱਖ ਮੰਤਰੀ ਨੇ ਵਧੇਰੇ ਫੰਡ ਮੰਗੇ ਹਨ।

ਮੁੱਖ ਮੰਤਰੀ ਨੇ ਕਮਿਸ਼ਨ ਅੱਗੇ ਸੂਬੇ ਦੀਆਂ ਵਿਸ਼ੇਸ਼ ਸਮੱਸਿਆਵਾਂ ਵੀ ਉਠਾਈਆਂ ਜਿਨ੍ਹਾਂ ਵਿਚ ਫੀਸਦੀ ਦੇ ਹਿਸਾਬ ਨਾਲ ਸਭ ਤੋਂ ਵੱਧ ਅਨੁਸੂਚਿਤ ਜਾਤੀ ਦੀ ਆਬਾਦੀ, ਪਾਕਿਸਤਾਨ ਦੀ ਸਰਹੱਦ 'ਤੇ ਸਥਿਤ ਲੰਮਾ ਅਤੇ ਸੰਘਣੀ ਵਸੋਂ ਵਾਲਾ ਸੂਬਾ, ਦਰਿਆਈ ਅਤੇ ਨੀਮ ਪਹਾੜੀ ਇਲਾਕੇ ਅਤੇ ਗੁਆਂਢੀ ਸੂਬਿਆਂ ਨੂੰ ਰਿਆਇਤਾਂ ਦੇਣ ਨਾਲ ਉਦਯੋਗ ਦਾ ਹਿਜਰਤ ਕਰਨਾ ਸ਼ਾਮਲ ਹਨ।

ਮੁੱਖ ਮੰਤਰੀ ਨੇ ਕਮਿਸ਼ਨ ਨੂੰ ਰਸਮੀ ਮੈਮੋਰੰਡਮ ਸੌਂਪਦਿਆਂ ਦੱਸਿਆ ਕਿ ਪੰਜਾਬ ਜੀ. ਸੀ. ਐੱਸ. ਵਿਚੋਂ ਕੁਲ ਰਾਜ ਘਰੇਲੂ ਉਤਪਾਦ (ਜੀ. ਐੱਸ. ਡੀ. ਪੀ.) ਦਰ ਦੇ ਬਕਾਇਆ ਕਰਜ਼ੇ ਅਤੇ ਕੁਲ ਮਾਲੀਆ ਪ੍ਰਾਪਤੀਆਂ ਦੀ ਦਰ ਦੇ ਸਭ ਤੋਂ ਜ਼ਿਆਦਾ ਵਿਆਜ ਭੁਗਤਾਨ ਕਰਨ ਵਾਲਾ ਹੈ।

ਖੇਤੀਬਾੜੀ ਕਰਜ਼ਾ ਰਾਹਤ ਦੇ ਮੁੱਦੇ 'ਤੇ ਮੁੱਖ ਮੰਤਰੀ ਨੇ ਦੱਸਿਆ ਕਿ ਭਾਵੇਂ ਉਨ੍ਹਾਂ ਦੀ ਸਰਕਾਰ ਨੇ 10 ਲੱਖ ਛੋਟੇ ਤੇ ਸੀਮਾਂਤ ਕਿਸਾਨ ਪਰਿਵਾਰਾਂ ਲਈ 8000 ਕਰੋੜ ਰੁਪਏ ਦਾ ਪੈਕੇਜ ਪਹਿਲਾਂ ਹੀ ਐਲਾਨਿਆ ਹੋਇਆ ਹੈ ਪਰ ਕੇਂਦਰ ਸਰਕਾਰ ਪਾਸੋਂ ਵਿਆਪਕ ਪੈਕੇਜ ਤੇ ਸਹਾਇਤਾ ਦੀ ਲੋੜ ਹੈ ਜਿਸ ਲਈ ਉਨ੍ਹਾਂ ਨੇ ਕਿਸਾਨ ਭਾਈਚਾਰੇ ਦੀ ਸਹਾਇਤਾ ਲਈ ਯਕਮੁਸ਼ਤ ਕਰਜ਼ਾ ਮੁਆਫੀ ਦੀ ਅਪੀਲ ਕੀਤੀ। ਕਿਸਾਨਾਂ ਨੂੰ ਖੇਤੀ ਵੰਨ-ਸੁਵੰਨਤਾ ਵੱਲ ਪ੍ਰੇਰਿਤ ਕਰਨ ਅਤੇ ਖੇਤੀ ਆਮਦਨ ਦੁੱਗਣੀ ਕਰਨ ਬਾਰੇ ਭਾਰਤ ਸਰਕਾਰ ਦੇ ਟੀਚੇ ਨੂੰ ਪੂਰਾ ਕਰਨ ਲਈ ਰਾਹਤ ਮੁਹੱਈਆ ਕਰਵਾਉਣ ਦਾ ਜ਼ਿਕਰ ਕਰਦਿਆਂ ਕੈਪਟਨ ਅਮਰਿੰਦਰ ਸਿੰਘ ਨੇ ਕਮਿਸ਼ਨ ਨੂੰ ਮੱਕੀ ਅਤੇ ਗੰਨੇ ਦੀ ਕੀਮਤ ਘਾਟੇ ਲਈ ਸਹਾਇਤਾ ਮੁਹੱਈਆ ਕਰਵਾਉਣ ਦੀ ਅਪੀਲ ਕੀਤੀ, ਜੋ ਕ੍ਰਮਵਾਰ 12,350 ਕਰੋੜ ਅਤੇ 300 ਕਰੋੜ ਤੱਕ ਰੁਪਏ ਬਣਦਾ ਹੈ।

ਕੇਂਦਰੀ ਸਪਾਂਸਰ ਸਕੀਮਾਂ ਦੇ ਸਪੁਰਦਗੀ




ਪੰਜਾਬ ਦੇ ਮੁੱਖ ਮੰਤਰੀ ਕੈ. ਅਮਰਿੰਦਰ ਸਿੰਘ 15ਵੇਂ ਵਿੱਤ ਕਮਿਸ਼ਨ ਦੇ ਚੇਅਰਮੈਨ ਐੱਨ. ਕੇ. ਸਿੰਘ ਨੂੰ ਪੰਜਾਬ ਦੀਆਂ ਮੰਗਾਂ ਬਾਰੇ ਮੈਮੋਰੰਡਮ ਦੇਣ ਸਮੇਂ।

ਫੰਡਾਂ ਵਿਚ ਸੂਬਿਆਂ ਨੂੰ ਵੱਧ ਲਚਕਤਾ ਦੀ ਇਜਾਜ਼ਤ ਦੇਣੀ ਚਾਹੀਦੀ ਹੈ। ਉਨ੍ਹਾਂ ਨੇ ਸਪੁਰਦਗੀ ਫੰਡਾਂ ਵਿਚ ਪੰਜਾਬ ਦਾ ਹਿੱਸਾ 1.5 ਫੀਸਦੀ ਤੋਂ ਵਧਾ ਕੇ 2 ਫੀਸਦੀ ਕਰਨ ਦੀ ਮੰਗ ਕੀਤੀ ਜਦਕਿ ਪਿਛਲੇ 40 ਸਾਲਾਂ ਦੌਰਾਨ 2.45 ਫੀਸਦੀ ਤੋਂ ਘਟ ਕੇ 1.57 ਫੀਸਦੀ ਰਹਿ ਗਿਆ ਹੈ। ਉਨ੍ਹਾਂ ਨੇ ਅਨੁਸੂਚਿਤ ਜਾਤੀਆਂ/ਅਨੁਸੂਚਿਤ ਕਬੀਲਿਆਂ ਵਰਗੇ ਮੌਜੂਦਾ ਮਾਪਦੰਡਾਂ ਵਿਚ ਕੁਝ ਵਿਸ਼ੇਸ਼ ਨਵੇਂ ਤੱਤ ਜੋੜਨ ਦਾ ਵੀ ਸੁਝਾਅ ਦਿੱਤਾ ਤਾਂ ਜੋ ਸੂਬਿਆਂ ਵਿਚ ਸਰੋਤਾਂ ਦੀ ਬਰਾਬਰ ਵੰਡ ਲਈ ਮਦਦ ਮਿਲ ਸਕੇ।

ਰਾਜ ਅੰਦਰ ਧਰਤੀ ਹੇਠਲੇ ਪਾਣੀ ਦੇ ਡਿੱਗਦੇ ਪੱਧਰ ਨਾਲ ਪੈਦਾ ਹੋ ਰਹੀ ਗੰਭੀਰ ਸਥਿਤੀ ਬਾਬਤ ਮੁੱਖ ਮੰਤਰੀ ਨੇ ਕਮਿਸ਼ਨ ਤੋਂ ਪੰਜਾਬ ਦੇ ਸ਼ਹਿਰੀ ਅਤੇ ਪੇਂਡੂ ਖੇਤਰਾਂ ਵਿਚ ਮੁਕੰਮਲ ਜਲ ਚੱਕਰ ਪ੍ਰਬੰਧਨ ਲਈ 12000 ਕਰੋੜ ਰੁਪਏ ਦੀ ਗ੍ਰਾਂਟ ਮੰਗੀ।

ਸੂਬੇ ਅੰਦਰ ਇਕਸਾਰ ਅਤੇ ਵਿਆਪਕ ਵਿਕਾਸ ਨੂੰ ਮੁੜ ਦੁਹਰਾਉਂਦਿਆਂ, ਮੁੱਖ ਮੰਤਰੀ ਨੇ ਨਦੀਆਂ ਦੀ ਸਫ਼ਾਈ ਦੇ ਪ੍ਰੋਗਰਾਮ ਤਹਿਤ 500 ਕਰੋੜ ਰੁਪਏ ਦੀ ਮੰਗ ਕਰਦਿਆਂ ਕਮਿਸ਼ਨ ਨੂੰ ਕਿਹਾ ਕਿ ਧਰਤੀ ਹੇਠਲੇ ਪਾਣੀ ਵਿਚ ਨਹਿਰੀ ਵਾਧੇ ਅਤੇ ਰੁੱਖ ਲਾਉਣ ਜ਼ਰੀਏ ਸੁਧਾਰ ਲਈ ਵੀ 3682 ਕਰੋੜ ਰੁਪਏ ਦੀ ਗ੍ਰਾਂਟ ਦੀ ਮੰਗ ਕੀਤੀ। ਰਾਜ ਅੰਦਰ ਨਸ਼ਿਆਂ ਦੀ ਸਮੱਸਿਆ ਬਿਆਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਸ ਦਾ ਇਕ ਕਾਰਨ ਰਾਜ ਦੀ ਭੂਗੋਲਿਕ ਸਥਿਤੀ ਵੀ ਹੈ ਅਤੇ ਇਸ ਦੀ ਹੱਦ ਪਾਕਿਸਤਾਨ ਨਾਲ ਲੱਗਦੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਹੱਦ ਸਿੱਧੇ ਤੌਰ 'ਤੇ ਦੁਨੀਆ ਦੇ ਇਕ ਸਭ ਤੋਂ ਵੱਡੇ ਅਫੀਮ ਪੈਦਾ ਕਰਨ ਵਾਲੇ ਖੇਤਰ ਨਾਲ ਜੁੜੀ ਹੈ, ਜਿਸ ਨਾਲ ਸਰਹੱਦ ਪਾਰੋਂ ਆਸਾਨੀ ਨਾਲ ਨਸ਼ੇ ਪੰਜਾਬ ਵਿਚ ਦਾਖਲ ਕਰ ਦਿੱਤੇ ਜਾਂਦੇ ਹਨ।

ਉਨ੍ਹਾਂ ਕਮਿਸ਼ਨ ਦੇ ਧਿਆਨ ਵਿਚ ਲਿਆਂਦਾ ਕਿ ਨਸ਼ਿਆਂ ਦੀ ਸਮੱਸਿਆ ਨਾਲ ਰਾਜ ਅੰਦਰ ਬੇਰੁਜ਼ਗਾਰੀ ਵੀ ਅਮਰਵੇਲ ਵਾਂਗ ਵਧ ਗਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿਚ ਬੇਰੁਜ਼ਗਾਰੀ ਦੀ ਦਰ 16.60 ਫ਼ੀਸਦੀ ਹੈ ਜੋ ਕਿ ਕੇਂਦਰ ਦੀ 10.20 ਫ਼ੀਸਦੀ ਤੋਂ ਵੀ ਵੱਧ ਹੈ ਜਿਸ ਦਾ ਮੁੱਖ ਕਾਰਨ ਖੇਤੀ ਪੈਦਾਵਾਰ ਵਿਚ ਗਿਰਾਵਟ, ਉਦਯੋਗਾਂ ਦੀ ਘਾਟ, ਵਿੱਦਿਅਕ ਯੋਗਤਾ ਵਿਚਲਾ ਫਰਕ ਆਦਿ ਹੈ। ਉਨ੍ਹਾਂ ਰਾਜ ਸਰਕਾਰ ਵੱਲੋਂ ਚਲਾਏ ਓਟ ਕਲੀਨਿਕਾਂ ਰਾਹੀਂ ਨਸ਼ੇੜੀਆਂ ਦੇ ਮੁੜ ਵਸੇਬੇ ਅਤੇ ਮੁੱਖ ਧਾਰਾ ਵਿਚ ਲਿਆਉਣ ਲਈ 300 ਕਰੋੜ ਦੀ ਗ੍ਰਾਂਟ ਦੀ ਵੀ ਮੰਗ ਕੀਤੀ। ਕੈਪਟਨ ਅਮਰਿੰਦਰ ਸਿੰਘ ਨੇ ਕਮਿਸ਼ਨ ਤੋਂ ਮੰਗ ਕੀਤੀ ਕਿ ਪੰਜਾਬ ਨੂੰ ਬਿਜਲੀ ਅਤੇ ਸੜਕੀ ਖੇਤਰਾਂ ਦੇ ਬੁਨਿਆਦੀ ਢਾਂਚੇ ਲਈ ਕ੍ਰਮਵਾਰ 5500 ਕਰੋੜ ਅਤੇ 6719 ਕਰੋੜ ਰੁਪਏ ਦੀ ਗ੍ਰਾਂਟ ਜਾਰੀ ਕੀਤੀ ਜਾਵੇ ਕਿਉਂਕਿ ਰਾਜ ਨੇ ਇਨ੍ਹਾਂ ਖੇਤਰਾਂ ਵਿਚ ਆਪਣੇ ਵਸੀਲਿਆਂ ਰਾਹੀਂ ਲੋੜੀਂਦਾ ਢਾਂਚਾ ਹੀ ਮੁਹੱਈਆ ਨਹੀਂ ਕਰਵਾਇਆ ਸਗੋਂ ਬਾਕੀਆਂ ਨਾਲੋਂ ਵੀ ਇਨ੍ਹਾਂ ਖੇਤਰਾਂ ਵਿਚ ਸੂਬਾ ਮੋਹਰੀ ਹੈ ਜਦਕਿ ਵੱਖ-ਵੱਖ ਕੇਂਦਰੀ ਸਕੀਮਾਂ ਤਹਿਤ ਰਾਜ ਨੂੰ ਇਨ੍ਹਾਂ ਖੇਤਰਾਂ ਲਈ ਨਾ ਤਾਂ ਕੋਈ ਮੁੱਖ ਗ੍ਰਾਂਟ ਮਿਲੀ ਹੈ ਅਤੇ ਨਾ ਹੀ ਇਨ੍ਹਾਂ ਦੇ ਰੱਖ-ਰਖਾਅ ਦੇ ਖਰਚਿਆਂ ਦਾ ਕੋਈ ਉਪਬੰਧ ਹੈ। ਵਿੱਤ ਕਮਿਸ਼ਨ ਦੀ ਨੁਮਾਇੰਦਗੀ ਚੇਅਰਮੈਨ ਐੱਨ. ਕੇ. ਸਿੰਘ ਨੇ ਕੀਤੀ ਜਿਨ੍ਹਾਂ ਨਾਲ ਕਮਿਸ਼ਨ ਦੇ ਮੈਂਬਰ ਡਾ. ਅਨੂਪ ਸਿੰਘ, ਡਾ. ਅਸ਼ੋਕ ਲਹਿਰੀ ਅਤੇ ਡਾ. ਰਮੇਸ਼ ਚੰਦ ਤੋਂ ਇਲਾਵਾ ਕਮਿਸ਼ਨ ਦੇ ਸਕੱਤਰ ਅਰਵਿੰਦ ਮਹਿਤਾ ਅਤੇ ਹੋਰ ਅਧਿਕਾਰੀ ਵੀ ਸ਼ਾਮਲ ਸਨ। ਸੂਬਾ ਸਰਕਾਰ ਵਲੋਂ ਮੁੱਖ ਮੰਤਰੀ ਤੋਂ ਇਲਾਵਾ ਕੈਬਨਿਟ ਮੰਤਰੀ ਬ੍ਰਹਮ ਮਹਿੰਦਰਾ, ਤ੍ਰਿਪਤ ਰਾਜਿੰਦਰ ਸਿੰਘ ਬਾਜਵਾ, ਚਰਨਜੀਤ ਸਿੰਘ ਚੰਨੀ, ਓ. ਪੀ. ਸੋਨੀ ਅਤੇ ਹੋਰ ਸੀਨੀਅਰ ਅਧਿਕਾਰੀ ਹਾਜ਼ਰ ਸਨ।

ਕੈਪਟਨ ਅਮਰਿੰਦਰ ਸਿੰਘ ਨੇ ਮੰਗਿਆ ਵਿੱਤ ਕਮਿਸ਼ਨ
ਤੋਂ ਵਿਸ਼ੇਸ਼ ਕਰਜ਼ਾ ਰਾਹਤ ਪੈਕੇਜ

**PRESS INFORMATION BUREAU**
**GOVT. OF INDIA**
**JALANDHAR**

**1. Name of Newspaper** : **Daily Jagbani**
**2.Place** : **Jalandhar**
**3.Dated** : 31-1-2019
**4. Language** : **Punjabi**

# ਵਿੱਤ ਕਮਿਸ਼ਨ ਵੱਲੋਂ ਪੰਜਾਬ ਦੇ 31000 ਕਰੋੜ ਦੇ ਅਨਾਜ ਦੇ ਕਰਜ਼ੇ ਦੇ ਹੱਲ ਲਈ ਕਮੇਟੀ ਗਠਿਤ

ਚੰਡੀਗੜ੍ਹ, 30 ਜਨਵਰੀ (ਭੁੱਲਰ)-ਪੰਜਾਬ ਦੇ 3 ਦਿਨਾ ਦੌਰੇ 'ਤੇ ਆਏ ਦੇਸ਼ ਦੇ 15ਵੇਂ ਵਿੱਤ ਕਮਿਸ਼ਨ ਨੇ ਅਹਿਮ ਫੈਸਲਾ ਲੈਂਦਿਆਂ ਪੰਜਾਬ ਦੇ ਅਨਾਜ ਖਾਤੇ ਦੇ 31000 ਕਰੋੜ ਰੁਪਏ ਦੇ ਕਰਜ਼ੇ ਦੇ ਹੱਲ ਲਈ ਕਮਿਸ਼ਨ ਦੇ ਮੈਂਬਰ ਦਿਨੇਸ਼ ਚੰਦ ਦੀ ਅਗਵਾਈ 'ਚ ਇਕ ਕਮੇਟੀ ਗਠਿਤ ਕੀਤੀ ਹੈ, ਜੋ ਕਿ 6 ਹਫ਼ਤਿਆਂ ਅੰਦਰ ਆਪਣੀਆਂ ਸਿਫਾਰਿਸ਼ਾਂ ਦੇਵੇਗੀ। ਇਸ ਕਮੇਟੀ ਵਿਚ ਪੰਜਾਬ ਸਰਕਾਰ ਦੇ ਪ੍ਰਤੀਨਿਧੀ ਵੀ ਸ਼ਾਮਲ ਹੋਣਗੇ। ਇਹ ਅਹਿਮ ਐਲਾਨ ਵਿੱਤ ਕਮਿਸ਼ਨ ਦੇ ਚੇਅਰਮੈਨ ਐੱਨ.ਕੇ.ਸਿੰਘ ਨੇ ਅੱਜ ਇਥੇ ਰਾਜ ਦੇ ਮੁੱਖ ਮੰਤਰੀ ਕੈ. ਅਮਰਿੰਦਰ ਸਿੰਘ ਅਤੇ ਮੰਤਰੀ ਮੰਡਲ ਦੇ ਮੈਂਬਰਾਂ ਨਾਲ ਮੀਟਿੰਗ ਤੋਂ ਬਾਅਦ ਪ੍ਰੈੱਸ ਕਾਨਫਰੰਸ ਵਿਚ ਕੀਤਾ। ਮੁੱਖ ਮੰਤਰੀ ਨੇ ਕਮਿਸ਼ਨ ਕੋਲ ਮਾਮਲਾ ਉਠਾਉਂਦਿਆਂ ਕਿਹਾ ਸੀ ਕਿ ਫਸਲਾਂ ਦੀ ਖਰੀਦ ਸਬੰਧੀ 31,000 ਕਰੋੜ ਰੁਪਏ ਦੀ ਰਾਸ਼ੀ ਨੂੰ ਪਿਛਲੀ ਅਕਾਲੀ ਸਰਕਾਰ ਨੇ ਆਪਣੇ ਕਾਰਜਕਾਲ ਦੇ ਅਖੀਰਲੇ ਦਿਨਾਂ ਵਿਚ ਕਰਜ਼ੇ ਦੇ ਰੂਪ ਵਿਚ ਮੰਨਦਿਆਂ ਪੰਜਾਬ ਵੱਲ ਦੇਣਦਾਰੀ ਖੜ੍ਹੀ ਕਰ ਦਿੱਤੀ ਸੀ। ਇਸ ਮਾਮਲੇ 'ਤੇ ਉਨ੍ਹਾਂ ਕਿਹਾ ਸੀ ਕਿ ਭਾਰਤ ਸਰਕਾਰ ਨੂੰ ਜਾਂ ਤਾਂ ਇਹ ਕਰਜ਼ਾ ਆਪਣੇ ਸਿਰ ਲੈ ਲੈਣਾ ਚਾਹੀਦਾ ਹੈ ਜਾਂ ਫਿਰ ਪੰਜਾਬ ਨੂੰ ਮੈਚਿੰਗ ਵਿੱਤੀ ਘਾਟਾ ਗ੍ਰਾਂਟ ਦੇ ਕੇ 3240 ਕਰੋੜ ਰੁਪਏ ਦੇ ਸਾਲਾਨਾ ਵਿਆਜ ਦੀ ਜ਼ਿੰਮੇਵਾਰੀ ਤੋਂ ਮੁਕਤ ਕਰਨਾ ਚਾਹੀਦਾ ਹੈ। ਵਿੱਤ ਕਮਿਸ਼ਨ ਵਲੋਂ ਕਮੇਟੀ ਬਣਾਉਣ ਨਾਲ ਇਹ ਮਾਮਲਾ ਸੁਲਝਣ ਦੀ ਉਮੀਦ ਹੈ।

**ਕਿਸਾਨਾਂ ਦੀ ਕਰਜ਼ਾ ਮੁਆਫ਼ੀ ਬਾਰੇ ਕਮਿਸ਼ਨ ਨੇ ਅਸਮਰੱਥਾ ਜਤਾਈ**

ਇਸੇ ਦੌਰਾਨ ਕਮਿਸ਼ਨ ਦੇ ਚੇਅਰਮੈਨ ਨੇ ਕਿਸਾਨਾਂ ਦੀ ਮੁਕੰਮਲ ਕਰਜ਼ਾ ਮੁਆਫ਼ੀ ਦੀ ਮੰਗ ਬਾਰੇ ਕਮਿਸ਼ਨ ਵਲੋਂ ਅਸਮਰੱਥਾ ਜਤਾਉਂਦਿਆਂ ਕਿਹਾ ਕਿ ਇਹ ਉਸ ਦੇ ਅਧਿਕਾਰ ਖੇਤਰ ਵਿਚ ਨਹੀਂ ਆਉਂਦਾ ਤੇ ਕੇਂਦਰ ਸਰਕਾਰ ਇਸ ਬਾਰੇ ਆਪਣੇ ਪੱਧਰ 'ਤੇ ਬਜਟ ਵਿਚ ਵਿਵਸਥਾ ਕਰ ਸਕਦੀ ਹੈ। ਜ਼ਿਕਰਯੋਗ ਹੈ ਕਿ ਇਹ ਦੋਵੇਂ ਮਾਮਲੇ ਅੱਜ ਮੁੱਖ ਮੰਤਰੀ ਵਲੋਂ ਕਮਿਸ਼ਨ ਸਾਹਮਣੇ ਉਠਾਏ ਗਏ ਸਨ। ਕਮਿਸ਼ਨ ਦੇ ਚੇਅਰਮੈਨ ਨੇ ਪੰਜਾਬ ਦੀ ਤਾਰੀਫ਼ ਕਰਦਿਆਂ ਕਿਹਾ ਕਿ ਨੈਸ਼ਨਲ ਤੇ ਫੂਡ ਸਕਿਓਰਿਟੀ ਦੇ ਖੇਤਰ ਵਿਚ ਪੰਜਾਬ ਦਾ ਵੱਡਾ ਯੋਗਦਾਨ ਹੈ। ਉਨ੍ਹਾਂ ਪੰਜਾਬ ਵਲੋਂ ਸਰਹੱਦੀ ਸੂਬਾ ਹੋਣ ਕਾਰਨ ਵਧੇਰੇ ਵਿੱਤੀ ਸਹਾਇਤਾ ਮੰਗੇ ਜਾਣ ਦੀ ਮੰਗ ਨੂੰ ਵਾਜਬ ਦੱਸਦਿਆਂ ਕਿਹਾ ਕਿ ਉਹ ਆਪਣੇ ਵਲੋਂ ਪੰਜਾਬ ਲਈ ਵਧੀਆ ਸਿਫਾਰਿਸ਼ਾਂ ਕਰਨਗੇ। ਇਸ ਤੋਂ ਇਲਾਵਾ ਪੰਜਾਬ ਦੇ ਜ਼ਮੀਨ ਹੇਠਲੇ ਪਾਣੀ ਦੀ ਸਮੱਸਿਆ ਵੀ ਨਜ਼ਰ-ਅੰਦਾਜ਼ ਨਹੀਂ ਕੀਤੀ ਜਾ ਸਕਦੀ, ਜਿਸ ਕਰਕੇ ਵਧੇਰੇ ਵਿੱਤੀ ਸਹਾਇਤਾ ਜ਼ਰੂਰੀ ਹੈ। ਟਰੱਕ ਯੂਨੀਅਨਾਂ ਨੂੰ ਖਤਮ ਕਰਨ ਲਈ ਚੇਅਰਮੈਨ ਨੇ ਮੁੱਖ ਮੰਤਰੀ ਦੀ ਪ੍ਰਸ਼ੰਸਾ ਕੀਤੀ ਅਤੇ ਇਸ ਨੂੰ ਕਿਸੇ ਵੀ ਸਿਆਸਤਦਾਨ ਲਈ ਮੁਸ਼ਕਲ ਕਾਰਜ ਦੱਸਿਆ।

वित्त आयोग द्वारा पंजाब के 31 हजार करोड़ के खाद्यान्न के कर्ज के हल के लिए कमिटि गठित

**JALANDHAR**

1.Name of Newspaper : Ajit
2. Place : Jalandhar
3. Dated : 31-1-2019
4.Language : Punjabi



ਚੰਡੀਗੜ੍ਹ ਵਿਖੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ 15ਵੇਂ ਵਿੱਤ ਕਮਿਸ਼ਨ ਦੇ ਚੇਅਰਮੈਨ ਐਨ. ਕੇ. ਸਿੰਘ ਨੂੰ ਮੰਗ-ਪੱਤਰ ਦਿੰਦੇ ਹੋਏ। ਤਸਵੀਰ : ਗੁਰਿੰਦਰ ਸਿੰਘ

# ਵਿੱਤ ਕਮਿਸ਼ਨ ਵਲੋਂ 31 ਹਜ਼ਾਰ ਕਰੋੜ ਦੇ ਅਨਾਜ ਖਾਤੇ ਦੇ ਹੱਲ ਲਈ ਕਮੇਟੀ ਦਾ ਗਠਨ

## ਸੂਬੇ ਦੀਆਂ ਮਾਲ ਪ੍ਰਾਪਤੀਆਂ ਦੀ ਵਾਧਾ ਦਰ ਘਟੀ, ਕਰਜ਼ੇ ਦੀ ਦਰ 'ਚ ਹੋਇਆ ਵੱਡਾ ਵਾਧਾ

**ਹਰਕਵਲਜੀਤ ਸਿੰਘ**

ਚੰਡੀਗੜ੍ਹ, 30 ਜਨਵਰੀ-ਅੱਜ ਇੱਥੇ 15ਵੇਂ ਵਿੱਤ ਕਮਿਸ਼ਨ ਦੇ ਚੇਅਰਮੈਨ ਸ੍ਰੀ ਐਨ.ਕੇ. ਸਿੰਘ ਨੇ ਮੁੱਖ ਮੰਤਰੀ ਅਤੇ ਰਾਜ ਸਰਕਾਰ ਦੇ ਮੰਤਰੀਆਂ ਤੇ ਅਧਿਕਾਰੀਆਂ ਨਾਲ ਲੰਬੇ ਵਿਚਾਰ-ਵਟਾਂਦਰੇ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਐਲਾਨ ਕੀਤਾ ਕਿ ਕਮਿਸ਼ਨ ਵਲੋਂ ਰਾਜ ਦੇ ਅਨਾਜ ਖਾਤੇ ਦੀ 31 ਹਜ਼ਾਰ ...ਦੀ ਰਾਸ਼ੀ, ਜਿਸ ਨੂੰ ਰਾਜ ਸਿਰ ਕਰਜ਼ੇ 'ਚ ਬਦਲ ਦਿੱਤਾ ਗਿਆ ਹੈ, ਦਾ ਕੋਈ ਹੱਲ ਕੱਢਣ ਲਈ ਇਕ ਕਮੇਟੀ ਦੇ ਗਠਨ ਦਾ ਫ਼ੈਸਲਾ ਲਿਆ ਹੈ, ਜੋ 6 ਹਫ਼ਤਿਆਂ 'ਚ ਆਪਣੀ ਰਿਪੋਰਟ ਵਿੱਤ ਕਮਿਸ਼ਨ ਨੂੰ ਪੇਸ਼ ਕਰੇਗੀ। ਵਿੱਤ ਕਮਿਸ਼ਨ ਦੇ ਮੈਂਬਰ ਰਾਜੇਸ਼ ਚੰਦ ਨੂੰ ਇਸ ਕਮੇਟੀ ਦਾ ਚੇਅਰਮੈਨ ਥਾਪਿਆ ਗਿਆ ਹੈ, ਜਦੋਂ ਕਿ ਕਮੇਟੀ ਵਿਚ ਇਕ ਨੁਮਾਇੰਦਾ ਪੰਜਾਬ ਸਰਕਾਰ ਅਤੇ 1-1 ਨੁਮਾਇੰਦਾ ਕੇਂਦਰ ਸਰਕਾਰ ਤੇ ਭਾਰਤੀ ਖਾਦ ਨਿਗਮ ਤੋਂ ਲਿਆ ਜਾਵੇਗਾ। ਰਾਜ ਸਰਕਾਰ ਨਾਲ ਬੈਠਕ ਦੌਰਾਨ ਉਨ੍ਹਾਂ ਇਹ ਵੀ ਮੰਨਿਆ ਕਿ ਰਾਜ ਦੇ ਅਨਾਜ ਖਾਤੇ 'ਚ ਖੜ੍ਹੀ ਇਸ 31 ਹਜ਼ਾਰ ਕਰੋੜ ਦੀ ਰਾਸ਼ੀ ਲਈ ਕੇਵਲ ਰਾਜ ਸਰਕਾਰ ਜ਼ਿੰਮੇਵਾਰ ਨਹੀਂ। ਰਾਜ ਸਰਕਾਰ ਨਾਲ ਬੈਠਕ ਦੌਰਾਨ ਸ੍ਰੀ ਐਨ.ਕੇ. ਸਿੰਘ ਨੇ ਕਿਹਾ ਕਿ ਰਾਜ ਸਿਰ

**ਸੂਬੇ 'ਚੋਂ ਮਗਰਲੇ 3-4 ਸਾਲਾਂ ਦੌਰਾਨ ਕਣਕ ਦੀ ਚੁਕਾਈ ਨਾ ਹੋਣ ਕਾਰਨ ਅਗਲੀ ਫ਼ਸਲ ਦੇ ਭੰਡਾਰ ਲਈ ਥਾਂ ਨਹੀਂ-ਕੈਪਟਨ**

(ਬਾਕੀ ਸਫ਼ਾ 13 'ਤੇ)

## ਵਿੱਤ ਕਮਿਸ਼ਨ ਵਲੋਂ 31 ਹਜ਼ਾਰ ਕਰੋੜ ਦੇ ਅਨਾਜ ਖਾਤੇ ਦੇ ਹੱਲ ਲਈ...

(ਸਫ਼ਾ 1 ਦੀ ਬਾਕੀ)

ਕਰਜ਼ੇ ਦਾ ਲਗਾਤਾਰ ਵਧਣਾ ਅਤੇ ਕਰਜ਼ੇ 'ਤੇ ਵਿਆਜ ਦੀ ਅਦਾਇਗੀ ਦੀ ਰਾਸ਼ੀ ਚਿੰਤਾ ਦਾ ਵਿਸ਼ਾ ਹੈ। ਬੈਠਕ ਦੌਰਾਨ ਦੱਸਿਆ ਗਿਆ ਕਿ ਪੰਜਾਬ ਸਿਰ ਕਰਜ਼ਾ, ਜੋ ਰਾਜ ਦੇ ਕੁੱਲ ਘਰੇਲੂ ਉਤਪਾਦ ਦਾ ਸਾਲ 2012-13 ਦੌਰਾਨ 30.99 ਪ੍ਰਤੀਸ਼ਤ ਸੀ, ਸਾਲ 2016-17 ਵਿਚ ਵੱਧ ਕੇ ਕੁੱਲ ਘਰੇਲੂ ਉਤਪਾਦ ਦਾ 42.61 ਪ੍ਰਤੀਸ਼ਤ ਹੋ ਗਿਆ ਹੈ। ਇਸੇ ਤਰ੍ਹਾਂ ਰਾਜ ਵਿਚ ਕਰਜ਼ਿਆਂ 'ਤੇ ਵਿਆਜ ਦੀ ਅਦਾਇਗੀ ਕੁੱਲ ਮਾਲੀਏ ਦਾ ਸਾਲ 2016-17 ਦੌਰਾਨ 24.30 ਪ੍ਰਤੀਸ਼ਤ ਹੋ ਗਿਆ ਹੈ, ਜੋ ਕਿ ਰਾਜਾਂ 'ਚੋਂ ਸਭ ਤੋਂ ਵੱਧ ਹੈ। ਉਨ੍ਹਾਂ ਇਹ ਵੀ ਕਿਹਾ ਕਿ ਰਾਜ ਸਰਕਾਰ ਅਜਿਹੀ ਸਥਿਤੀ ਵਿਚ ਪੁੱਜ ਗਈ ਹੈ, ਜਿੱਥੇ ਉਸ ਦੇ ਕਰਜ਼ੇ ਦੀ ਉਸ ਦੇ ਖ਼ਰਚੇ ਅਤੇ ਕਰਜ਼ੇ ਅਤੇ ਵਿਆਜ ਦੀ ਅਦਾਇਗੀ ਲਈ ਕਾਫ਼ੀ ਨਹੀਂ ਹਨ, ਜਿਸ ਕਾਰਨ ਵਿਕਾਸ ਕਾਰਜਾਂ ਲਈ ਬਹੁਤ ਥੋੜ੍ਹਾ ਧਨ ਉਪਲਬਧ ਹੋ ਸਕੇਗਾ। ਕਮਿਸ਼ਨ ਵਲੋਂ ਰਾਜ ਵਿਚ 2011-12 ਤੋਂ ਲੈ ਕੇ 2017-18 ਤੱਕ ਵਿੱਤੀ ਖ਼ਾਤਿਆਂ ਦਾ ਮੁਲਾਂਕਣ ਨਾ ਹੋਣ 'ਤੇ ਵੀ ਇਤਰਾਜ਼ ਕੀਤਾ। ਕਮਿਸ਼ਨ ਵਲੋਂ ਰਾਜ ਦੀ ਆਪਣੀ ਆਮਦਨ 'ਚ ਲਗਾਤਾਰ ਆ ਰਹੀ ਕਮੀ ਨੂੰ ਵੀ ਚਿੰਤਾ ਦਾ ਵਿਸ਼ਾ ਦੱਸਿਆ ਅਤੇ ਕਿਹਾ ਕਿ ਰਾਜ ਦੇ ਕੁੱਲ ਮਾਲੀਏ ਵਿਚੋਂ 70 ਪ੍ਰਤੀਸ਼ਤ ਮਾਲੀਆ ਰਾਜ ਦੇ ਆਪਣੇ ਸਾਧਨਾਂ ਰਾਹੀਂ ਹੀ ਹੈ ਅਤੇ ਤਨਖ਼ਾਹ ਕਮਿਸ਼ਨ ਦੀਆਂ ਸਿਫ਼ਾਰਿਸ਼ਾਂ ਅਤੇ ਮੁਲਾਜ਼ਮਾਂ ਦੇ ਬਕਾਇਆਂ ਆਦਿ ਦੀ ਅਦਾਇਗੀ ਕਾਰਨ ਰਾਜ ਦੀ ਵਿੱਤੀ ਸਥਿਤੀ ਹੋਰ ਵੀ ਕਮਜ਼ੋਰ ਹੋ ਸਕਦੀ ਹੈ। ਕਮਿਸ਼ਨ ਵਲੋਂ ਇਸ ਗੱਲ ਦਾ ਨੋਟਿਸ ਲਿਆ ਗਿਆ ਕਿ ਰਾਜ 'ਚ ਤਨਖ਼ਾਹਾਂ, ਪੈਨਸ਼ਨਾਂ, ਵਿਆਜ ਦੇ ਸੂਦ ਅਤੇ ਸਬਸਿਡੀਆਂ 'ਤੇ ਹੀ ਕੁੱਲ ਮਾਲੀਏ ਦਾ 90 ਪ੍ਰਤੀਸ਼ਤ ਖ਼ਰਚ ਹੋ ਜਾਂਦਾ ਹੈ ਅਤੇ ਇਹ ਵੀ ਚਿੰਤਾ ਦਾ ਵਿਸ਼ਾ ਹੈ, ਕਿਉਂਕਿ ਰਾਜ ਕੋਲ ਵਿਕਾਸ ਕਾਰਜਾਂ ਲਈ ਕੋਈ ਪੈਸਾ ਨਹੀਂ ਬਚਦਾ। ਕਮਿਸ਼ਨ ਨੇ ਨੋਟ ਕੀਤਾ ਕਿ ਸੂਬੇ ਦੇ ਵਾਹੀਯੋਗ ਜ਼ਮੀਨ ਦਾ 83 ਪ੍ਰਤੀਸ਼ਤ ਕਣਕ ਅਤੇ ਝੋਨੇ ਹੇਠ ਹੈ ਅਤੇ ਖੇਤੀ ਲਈ 71 ਪ੍ਰਤੀਸ਼ਤ ਪਾਣੀ ਜ਼ਮੀਨ ਹੇਠੋਂ ਕੱਢਿਆ ਜਾ ਰਿਹਾ ਹੈ, ਜਦੋਂ ਕਿ ਨਹਿਰੀ ਪਾਣੀ ਦਾ ਹਿੱਸਾ 28 ਪ੍ਰਤੀਸ਼ਤ ਹੈ, ਜਿਸ ਵੱਲ ਤੁਰੰਤ ਧਿਆਨ ਦੇਣ ਦੀ ਲੋੜ ਹੈ। ਕਮਿਸ਼ਨ ਨੇ ਕਿਹਾ ਕਿ ਪੰਜਾਬ ਦਾ ਭਾਵੇਂ ਦੇਸ਼ ਦੇ ਭੂਗੋਲਿਕ ਖੇਤਰ ਵਿਚੋਂ ਹਿੱਸਾ 1.53 ਪ੍ਰਤੀਸ਼ਤ ਹੈ ਪਰ ਰਾਜ ਦੇਸ਼ ਦੀ 17.42 ਪ੍ਰਤੀਸ਼ਤ ਕਣਕ ਅਤੇ 11.30 ਪ੍ਰਤੀਸ਼ਤ ਝੋਨੇ ਦੀ ਪੈਦਾਵਾਰ ਕਰਕੇ ਦੇਸ਼ ਦੇ ਅਨਾਜ ਭੰਡਾਰ ਲਈ 46.4 ਪ੍ਰਤੀਸ਼ਤ ਕਣਕ ਅਤੇ 29 ਪ੍ਰਤੀਸ਼ਤ ਝੋਨਾ ਦੇ ਰਿਹਾ ਹੈ ਪਰ ਕਮਿਸ਼ਨ ਵਲੋਂ ਮਹਿਸੂਸ ਕੀਤਾ ਗਿਆ ਕਿ ਫ਼ਸਲੀ ਵਿਭਿੰਨਤਾ ਦੇ ਪ੍ਰੋਗਰਾਮ ਵਿਚ ਪੰਜਾਬ ਨੂੰ ਸਫਲਤਾ ਨਹੀਂ ਮਿਲੀ, ਬਲਕਿ ਇਸ ਵਿਚ ਕਮੀ ਆਈ ਹੈ। ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਅਤੇ ਰਾਜ ਦੇ ਵਿੱਤ ਮੰਤਰੀ ਨੇ ਕਮਿਸ਼ਨ ਸਾਹਮਣੇ ਰੱਖੀਆਂ ਆਪਣੀਆਂ ਪੇਸ਼ਕਾਰੀਆਂ ਦੌਰਾਨ ਸੂਬੇ 'ਚ ਸ਼ਹਿਰਾਂ ਅਤੇ ਪਿੰਡਾਂ ਲਈ ਪਾਣੀ ਦੇ ਪ੍ਰਬੰਧਨ ਲਈ 12 ਹਜ਼ਾਰ ਕਰੋੜ ਦੇ ਵਿਸ਼ੇਸ਼ ਪੈਕੇਜ, ਪਰਾਲੀ ਸਾੜਨ ਨੂੰ ਰੋਕਣ ਲਈ 1000 ਕਰੋੜ ਦੇ ਪੈਕੇਜ ਅਤੇ ਕਰਜ਼ੇ ਹੇਠ ਦੱਬੇ ਕਿਸਾਨਾਂ ਲਈ 1900 ਕਰੋੜ ਅਤੇ ਸਰਹੱਦੀ ਖੇਤਰਾਂ ਵਿਚ ਮੁਢਲੇ ਢਾਂਚੇ ਦੇ ਸੁਧਾਰ ਲਈ 500 ਕਰੋੜ ਦੇ ਵਿਸ਼ੇਸ਼ ਪੈਕੇਜ ਦੀ ਮੰਗ ਤੋਂ ਇਲਾਵਾ ਸੂਬੇ ਲਈ ਕਰਜ਼ੇ ਦੇ ਮੱਕੜ ਜਾਲ 'ਚੋਂ ਨਿਕਲਣ ਲਈ ਵਿਸ਼ੇਸ਼ ਕਰਜ਼ਾ ਰਾਹਤ ਪੈਕੇਜ ਦੀ ਮੰਗ ਕੀਤੀ ਗਈ। ਇਸੇ ਤਰ੍ਹਾਂ 1980-95 ਦੇ ਅੱਤਵਾਦ ਦੇ ਦੌਰ ਦੌਰਾਨ ਸੁਰੱਖਿਆ ਦਲਾਂ ਦੇ ਕੇਂਦਰ ਵਲੋਂ ਲਏ ਖ਼ਰਚਿਆਂ ਬਦਲੇ 2694 ਕਰੋੜ ਰੁਪਏ ਦੀ ਮੰਗ ਕੀਤੀ ਗਈ। ਮੁੱਖ ਮੰਤਰੀ ਵਲੋਂ ਵਿੱਤ ਕਮਿਸ਼ਨ ਤੋਂ ਖੇਤੀ ਕਰਜ਼ਾ ਮੁਆਫ਼ੀ ਬਾਰੇ ਕੋਈ ਫ਼ੈਸਲਾ ਲੈਣ ਤੋਂ ਪਹਿਲਾਂ ਸਾਰੇ ਪੱਖਾਂ ਨੂੰ ਵਿਚਾਰਦਿਆਂ ਇਸ 'ਚ ਪੰਜਾਬ ਦੀ ਖੇਤੀ ਕਰਜ਼ਾ ਮੁਆਫ਼ੀ ਸਕੀਮ ਨੂੰ ਵੀ ਸ਼ਾਮਿਲ ਕਰਨ ਦੀ ਮੰਗ ਉਠਾਈ। ਤਕਨੀਕੀ ਸਿੱਖਿਆ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਸਕਿੱਲ ਯੂਨੀਵਰਸਿਟੀ ਦੀ ਸਥਾਪਨਾ ਅਤੇ ਹੁਨਰ ਵਿਕਾਸ ਦੇ ਕਾਰਜਾਂ ਲਈ 500 ਕਰੋੜ ਰੁਪਏ ਦੀ ਵਿਸ਼ੇਸ਼ ਗ੍ਰਾਂਟ ਦੀ ਮੰਗ ਰੱਖੀ। ਮੁੱਖ ਮੰਤਰੀ ਨੇ ਵਿੱਤ ਕਮਿਸ਼ਨ ਨੂੰ ਦੱਸਿਆ ਕਿ ਭਾਰਤੀ ਖਾਦ ਨਿਗਮ ਵਲੋਂ ਪਿਛਲੇ 3-4 ਸਾਲਾਂ ਤੋਂ ਕਣਕ ਦੀ ਫ਼ਸਲ ਨੂੰ ਚੁੱਕਣ ਦਾ ਕੰਮ ਤਕਰੀਬਨ ਬੰਦ ਰੱਖਿਆ ਗਿਆ ਹੈ, ਜਿਸ ਕਾਰਨ ਰਾਜ ਦੇ ਸਾਰੇ ਗੋਦਾਮ ਭਰ ਚੁੱਕੇ ਹਨ ਅਤੇ ਆਉਣ ਵਾਲੀ ਅਗਲੀ ਕਣਕ ਦੀ ਫ਼ਸਲ ਨੂੰ ਚੁੱਕਣ ਲਈ ਹੁਣ ਰਾਜ ਵਿਚ ਕੋਈ ਗੋਦਾਮ ਜਾਂ ਥਾਂ ਨਹੀਂ ਹੈ। ਮੁੱਖ ਮੰਤਰੀ, ਵਿੱਤ ਮੰਤਰੀ ਅਤੇ ਦੂਜੇ ਮੰਤਰੀਆਂ ਵਲੋਂ ਕਮਿਸ਼ਨ ਸਾਹਮਣੇ ਰਾਜ ਵਿਚ ਬੇਰੁਜ਼ਗਾਰੀ ਦੀ ਸਮੱਸਿਆ ਨੂੰ ਵੀ ਰੱਖਿਆ ਗਿਆ ਅਤੇ ਰਾਜ ਵਿਚ ਨਵੀਆਂ ਨੌਕਰੀਆਂ ਪੈਦਾ ਕਰਨ ਲਈ ਸਨਅਤੀਕਰਨ ਨੂੰ ਉਤਸ਼ਾਹਿਤ ਕਰਨ ਵੱਲ ਧਿਆਨ ਦੇਣ ਦੀ ਵੀ ਮੰਗ ਰੱਖੀ। ਵਿੱਤ ਕਮਿਸ਼ਨ ਦੇ ਮੈਂਬਰਾਂ ਨੂੰ ਰਾਜ ਦੇ ਵਿੱਤ ਮੰਤਰੀ ਮਨਪ੍ਰੀਤ ਸਿੰਘ ਬਾਦਲ ਵਲੋਂ ਅੱਜ ਰਾਤ ਦਾ ਖਾਣਾ ਵੀ ਦਿੱਤਾ ਗਿਆ ਅਤੇ ਕਮਿਸ਼ਨ ਦੇ ਮੈਂਬਰ ਤੇ ਸਟਾਫ਼ ਕੱਲ੍ਹ ਸ੍ਰੀ ਅੰਮ੍ਰਿਤਸਰ ਵਿਖੇ ਜਾਏਗਾ, ਜਿੱਥੇ ਉਹ ਕੱਲ੍ਹ ਰਾਤ ਰੁਕਣਗੇ।

ਵਿੱਤ ਕਮਿਸ਼ਨ ਦੁਆਰਾ 31 ਹਜ਼ਾਰ ਕਰੋੜ ਦੇ ਅਨਾਜ ਖਾਤੇ ਦੇ ਹੱਲ ਦੇ ਲਈ ਕਮੇਟੀ ਦਾ ਗਠਨ।

# PRESS INFORMATION BUREAU
# GOVT. OF INDIA
# JALANDHAR

| | |
|---|---|
| 1. Name of Newspaper | : Daily Nawan Zamana |
| 2.Place | : Jalandhar |
| 3.Dated | : 31-1-2019 |
| 4. Language | : Punjabi |

### ਮੁੱਖ ਮੰਤਰੀ ਵੱਲੋਂ 15ਵੇਂ ਵਿੱਤ ਕਮਿਸ਼ਨ ਨਾਲ ਮੀਟਿੰਗ

# ਪੰਜਾਬ ਲਈ ਮੰਗਿਆ ਵਿਸ਼ੇਸ਼ ਕਰਜ਼ਾ ਰਾਹਤ ਪੈਕੇਜ

*** ਫੰਡਾਂ ਦੀ ਵੰਡ 'ਚ ਸੂਬੇ ਦਾ ਹਿੱਸਾ ਵਧਾਉਣ ਲਈ ਆਖਿਆ * ਪਾਣੀ ਤੇ ਨਸ਼ੇ ਦੀ ਸਮੱਸਿਆ ਸੁਲਝਾਉਣ ਲਈ ਵੀ ਫੰਡ ਮੰਗੇ**




ਚੰਡੀਗੜ੍ਹ (ਨਵਾਂ ਜ਼ਮਾਨਾ ਸਰਵਿਸ)

ਸੂਬੇ ਨੂੰ ਦਰਪੇਸ਼ ਵਿੱਤੀ ਸੰਕਟ ਦਾ ਜ਼ਿਕਰ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ 15ਵੇਂ ਵਿੱਤ ਕਮਿਸ਼ਨ ਪਾਸੋਂ ਵਿਸ਼ੇਸ਼ ਕਰਜ਼ਾ ਰਾਹਤ ਪੈਕੇਜ ਦੀ ਮੰਗ ਕੀਤੀ, ਤਾਂ ਕਿ ਸੂਬੇ ਦੇ ਅਰਥਚਾਰੇ ਨੂੰ ਮੁੜ ਮਜ਼ਬੂਤ ਬਣਾਉਣ ਲਈ ਉਨ੍ਹਾਂ ਦੀ ਸਰਕਾਰ ਦੇ ਯਤਨਾਂ ਨੂੰ ਸਹਾਰਾ ਮਿਲ ਸਕੇ। ਇਸ ਦੇ ਨਾਲ ਹੀ ਮੁੱਖ ਮੰਤਰੀ ਨੇ ਪੰਜਾਬ ਵਿਚ ਸੰਕਟ ਨਾਲ ਜੂਝ ਰਹੇ ਕਿਸਾਨਾਂ ਦੇ ਸਾਰੇ ਕਰਜ਼ੇ 'ਤੇ ਲੀਕ ਫੇਰਨ ਲਈ ਯਕਮੁਸ਼ਤ ਪੈਕੇਜ ਵੀ ਮੰਗਿਆ।

ਅੱਜ ਇਥੇ 15ਵੇਂ ਵਿੱਤ ਕਮਿਸ਼ਨ ਨਾਲ ਮੀਟਿੰਗ ਦੌਰਾਨ ਮੁੱਖ ਮੰਤਰੀ ਨੇ ਜੀ ਐੱਸ ਟੀ. ਲਾਗੂ ਹੋਣ ਤੋਂ ਬਾਅਦ ਸੂਬੇ ਨੂੰ ਮਾਲੀਏ ਪੱਖੋਂ ਸਥਾਈ ਘਾਟਾ ਹੋਣ ਦਾ ਜ਼ਿਕਰ ਕਰਦਿਆਂ ਦੱਸਿਆ ਕਿ ਕੇਂਦਰ ਸਰਕਾਰ ਵੱਲੋਂ ਦਿੱਤਾ ਜਾਂਦਾ ਮੁਆਵਜ਼ਾ ਵੀ ਇਕ ਜੁਲਾਈ, 2022 ਤੱਕ ਖਤਮ ਹੋ ਜਾਵੇਗਾ, ਜਿਸ ਤੋਂ ਬਾਅਦ ਸੂਬੇ ਦੇ ਮਾਲੀਏ ਵਿੱਚ ਸਾਲਾਨਾ 10,000-12,000 ਤੱਕ ਦੀ ਵੱਡੀ ਕਮੀ ਆਵੇਗੀ। ਇਸ ਘਾਟੇ ਦੇ ਮੱਦੇਨਜ਼ਰ ਮੁੱਖ ਮੰਤਰੀ ਨੇ ਕਿਹਾ ਕਿ ਭਾਰਤ ਸਰਕਾਰ ਵੱਲੋਂ ਪੰਜਾਬ ਵਰਗੇ ਸੂਬਿਆਂ ਲਈ ਮੁਆਵਜ਼ੇ ਦੇ ਸਬੰਧ ਵਿਚ ਬਣਾਇਆ ਫਾਰਮੂਲਾ 30 ਜੂਨ, 2022 ਤੋਂ ਬਾਅਦ ਵੀ ਜਾਰੀ ਰੱਖਿਆ ਜਾਵੇ, ਤਾਂ ਜੋ ਇਹ ਸੂਬੇ ਸੰਕਟ ਵਿਚ ਨਾ ਫਸਣ।

ਮੁੱਖ ਮੰਤਰੀ ਨੇ ਕਮਿਸ਼ਨ ਅੱਗੇ ਸੂਬੇ ਦੀਆਂ ਵਿਸ਼ੇਸ਼ ਸਮੱਸਿਆਵਾਂ ਵੀ ਉਠਾਈਆਂ, ਜਿਨ੍ਹਾਂ ਵਿਚ ਫੀਸਦੀ ਦੇ ਹਿਸਾਬ ਨਾਲ ਸਭ ਤੋਂ ਵੱਧ ਅਨੁਸੂਚਿਤ

● ਬਾਕੀ ਸਫ਼ਾ 10 'ਤੇ

ਜਾਤੀ ਦੀ ਆਬਾਦੀ, ਪਾਕਿਸਤਾਨ ਦੀ ਸਰਹੱਦ 'ਤੇ ਸਥਿਤ ਲੰਮਾ ਅਤੇ ਸੰਘਣੀ ਵਸੋਂ ਵਾਲਾ ਸੂਬਾ, ਦਰਿਆਈ ਅਤੇ ਨੀਮ ਪਹਾੜੀ ਇਲਾਕੇ ਅਤੇ ਗੁਆਂਢੀ ਸੂਬਿਆਂ ਨੂੰ ਰਿਆਇਤਾਂ ਦੇਣ ਨਾਲ ਉਦਯੋਗ ਦਾ ਹਿਜਰਤ ਕਰਨਾ ਸ਼ਾਮਲ ਹਨ। ਉਨ੍ਹਾਂ ਕਮਿਸ਼ਨ ਨਾਲ ਆਪਣੀ ਸਰਕਾਰ ਦੀਆਂ ਮੰਗਾਂ ਵੀ ਸਾਂਝੀਆਂ ਕੀਤੀਆਂ। ਮੁੱਖ ਮੰਤਰੀ ਨੇ ਉਨ੍ਹਾਂ ਦੀ ਸਰਕਾਰ ਦੇ ਵੱਖ-ਵੱਖ ਪ੍ਰੋਗਰਾਮਾਂ ਅਤੇ ਠੋਸ ਯਤਨਾਂ ਦੇ ਬਾਵਜੂਦ ਸੂਬੇ ਦੇ ਵਿਕਾਸ ਵਿੱਚ ਕਈ ਰੁਕਾਵਟਾਂ ਹੋਣ ਦਾ ਹਵਾਲਾ ਦਿੰਦਿਆਂ ਪੰਜਾਬ ਲਈ ਵਿਸ਼ੇਸ਼ ਪੈਕੇਜ ਦੀ ਲੋੜ 'ਤੇ ਜ਼ੋਰ ਦਿੱਤਾ। ਮੁੱਖ ਮੰਤਰੀ ਨੇ ਕਮਿਸ਼ਨ ਨੂੰ ਰਸਮੀ ਮੈਮੋਰੰਡਮ ਸੌਂਪਦਿਆਂ ਦੱਸਿਆ ਕਿ ਪੰਜਾਬ ਜੀ ਸੀ ਐੱਸ ਵਿੱਚੋਂ ਕੁਲ ਰਾਜ ਘਰੇਲੂ ਉਤਪਾਦ (ਜੀ ਐੱਸ ਡੀ ਪੀ) ਦਰ ਦੇ ਬਕਾਇਆ ਕਰਜ਼ੇ ਅਤੇ ਕੁਲ ਮਾਲੀਆ ਪ੍ਰਾਪਤੀਆਂ ਦੀ ਦਰ ਦੇ ਸਭ ਤੋਂ ਜ਼ਿਆਦਾ ਵਿਆਜ ਭੁਗਤਾਨ ਕਰਨ ਵਾਲਾ ਹੈ। ਉਨ੍ਹਾਂ ਕਿਹਾ ਕਿ ਇਹ ਪੈਕੇਜ ਆਮ ਕਰਜ਼ਾ ਰਾਹਤ ਸਕੀਮ ਤਹਿਤ ਦਿੱਤਾ ਜਾ ਸਕਦਾ ਹੈ ਜਿਸ ਨੂੰ ਸੂਬਿਆਂ ਦੀ ਵਿੱਤੀ ਕਾਰਗੁਜ਼ਾਰੀ ਨਾਲ ਜੋੜਿਆ ਜਾਵੇ, ਜਿਵੇਂ ਕਿ ਪਿਛਲੇ ਸਮੇਂ ਵਿਚ ਵਿੱਤ ਕਮਿਸ਼ਨਾਂ ਵੇਲੇ ਹੁੰਦਾ ਰਿਹਾ ਹੈ।

ਮੁੱਖ ਮੰਤਰੀ ਨੇ ਦੱਸਿਆ ਕਿ ਉਨ੍ਹਾਂ ਦੀ ਸਰਕਾਰ ਨੂੰ ਪਿਛਲੀ ਅਕਾਲੀ-ਭਾਜਪਾ ਸਰਕਾਰ ਪਾਸੋਂ 2.10 ਲੱਖ ਕਰੋੜ ਰੁਪਏ ਦਾ ਕਰਜ਼ਾ ਵਿਰਾਸਤ ਵਿਚ ਮਿਲਿਆ ਸੀ, ਜਿਸ ਨਾਲ ਪੰਜਾਬ ਮਾਲੀਆ ਘਾਟੇ ਵਾਲਾ ਸੂਬਾ ਬਣ ਗਿਆ। ਪਿਛਲੇ ਵਿੱਤ ਕਮਿਸ਼ਨ ਨੇ ਮਾਲੀਏ ਪੱਖੋਂ ਘਾਟੇ ਵਾਲੇ ਸੂਬਿਆਂ ਵਿੱਚੋਂ ਪੰਜਾਬ ਨੂੰ ਬਾਹਰ ਕਰ ਦਿੱਤਾ ਸੀ, ਭਾਵੇਂ ਕਿ ਇਸ ਨੂੰ 12ਵੇਂ ਵਿੱਤ ਕਮਿਸ਼ਨ ਨੇ ਸ਼ਾਮਲ ਕੀਤਾ ਸੀ। ਮੁੱਖ ਮੰਤਰੀ ਨੇ ਕਿਹਾ ਕਿ ਭਾਵੇਂ ਪੰਜਾਬ, ਸੂਰਬੀਰਾਂ ਦੀ ਧਰਤੀ ਅਤੇ ਮੁਲਕ ਦਾ ਅਨਾਜ ਭੰਡਾਰ ਹੈ, ਪਰ ਨਸ਼ਿਆਂ ਦੇ ਸਮੱਸਿਆ ਸਮੇਤ ਗੁਆਂਢੀ ਦੁਸ਼ਮਣ ਅਤੇ ਜੰਮੂ ਕਸ਼ਮੀਰ ਵਿਚ ਅੱਤਵਾਦ ਦੇ ਪੈਰ ਪਸਾਰਨ ਕਾਰਨ ਅੰਦਰੂਨੀ ਸੁਰੱਖਿਆ ਦਾ ਖਤਰਾ ਵਧ ਰਿਹਾ ਹੈ, ਜਿਸ ਕਰਕੇ ਸੂਬੇ ਦੀ ਵਿਸ਼ੇਸ਼ ਪੈਕੇਜ ਦੀ ਮੰਗ ਮੁਨਾਸਬ ਹੈ। ਖੇਤੀਬਾੜੀ ਕਰਜ਼ਾ ਰਾਹਤ ਦੇ ਮੁੱਦੇ 'ਤੇ ਮੁੱਖ ਮੰਤਰੀ ਨੇ ਦੱਸਿਆ ਕਿ ਭਾਵੇਂ ਉਨ੍ਹਾਂ ਦੀ ਸਰਕਾਰ ਨੇ 10 ਲੱਖ ਛੋਟੇ ਤੇ ਸੀਮਾਂਤ ਕਿਸਾਨ ਪਰਵਾਰਾਂ ਲਈ 8000 ਕਰੋੜ ਰੁਪਏ ਦਾ ਪੈਕੇਜ ਪਹਿਲਾਂ ਹੀ ਐਲਾਨਿਆ ਹੋਇਆ ਹੈ, ਪਰ ਕੇਂਦਰ ਸਰਕਾਰ ਪਾਸੋਂ ਵਿਆਪਕ ਪੈਕੇਜ ਤੇ ਸਹਾਇਤਾ ਦੀ ਲੋੜ ਹੈ, ਜਿਸ ਲਈ ਉਨ੍ਹਾਂ ਕਿਸਾਨ ਭਾਈਚਾਰੇ ਦੀ ਸਹੂਲੀਅਤ ਲਈ ਯਕਮੁਸ਼ਤ ਕਰਜ਼ਾ ਮੁਆਫੀ ਦੀ ਅਪੀਲ ਕੀਤੀ। ਕਿਸਾਨਾਂ ਨੂੰ ਖੇਤੀ ਵੰਨ-ਸੁਵੰਨਤਾ ਵੱਲ ਪ੍ਰੇਰਿਤ ਕਰਨ ਅਤੇ ਖੇਤੀ ਆਮਦਨ ਦੁੱਗਣੀ ਕਰਨ ਬਾਰੇ ਭਾਰਤ ਸਰਕਾਰ ਦੇ ਟੀਚੇ ਨੂੰ ਪੂਰਾ ਕਰਨ ਲਈ ਰਾਹਤ ਮੁਹੱਈਆ ਕਰਵਾਉਣ ਦਾ ਜ਼ਿਕਰ ਕਰਦਿਆਂ ਕੈਪਟਨ ਅਮਰਿੰਦਰ ਸਿੰਘ ਨੇ ਕਮਿਸ਼ਨ ਨੂੰ ਮੱਕੀ ਅਤੇ ਗੰਨੇ ਦੀ ਕੀਮਤ ਘਾਟੇ ਲਈ ਸਹਾਇਤਾ ਮੁਹੱਈਆ ਕਰਵਾਉਣ ਦੀ ਅਪੀਲ ਕੀਤੀ, ਜੋ ਕ੍ਰਮਵਾਰ 12, 350 ਕਰੋੜ ਅਤੇ 300 ਕਰੋੜ ਤੱਕ ਰੁਪਏ ਬਣਦਾ ਹੈ।

ਮੀਟਿੰਗ ਦੌਰਾਨ ਮੁੱਖ ਮੰਤਰੀ ਨੇ ਫਸਲਾਂ ਦੀ ਖਰੀਦ ਸਬੰਧੀ 31,000 ਕਰੋੜ ਰੁਪਏ ਦਾ ਵੀ ਮਾਮਲਾ ਉਠਾਇਆ ਜਿਸ ਨੂੰ ਪਿਛਲੀ ਅਕਾਲੀ ਸਰਕਾਰ ਨੇ ਆਪਣੇ ਕਾਰਜਕਾਲ ਦੇ ਅਖੀਰਲੇ ਦਿਨਾਂ ਵਿੱਚ ਕਰਜ਼ੇ ਦੇ ਰੂਪ ਵਿਚ ਮੰਨਦਿਆਂ ਪੰਜਾਬ ਵੱਲ ਦੇਣਦਾਰੀ ਖੜ੍ਹੀ ਕਰ ਦਿੱਤੀ ਸੀ। ਇਸ ਮਾਮਲੇ 'ਤੇ ਉਨ੍ਹਾ ਕਿਹਾ ਕਿ ਭਾਰਤ ਸਰਕਾਰ ਨੂੰ ਜਾਂ ਤਾਂ ਇਹ ਕਰਜ਼ਾ ਆਪਣੇ ਸਿਰ ਲੈ ਲੈਣਾ ਚਾਹੀਦਾ ਹੈ ਜਾਂ ਫਿਰ ਪੰਜਾਬ ਨੂੰ ਮੈਚਿੰਗ ਵਿੱਤੀ ਘਾਟਾ ਗ੍ਰਾਂਟ ਦੇ ਕੇ 3240 ਕਰੋੜ ਰੁਪਏ ਦੇ ਸਾਲਾਨਾ ਵਿਆਜ ਦੀ ਜ਼ਿੰਮੇਵਾਰੀ ਤੋਂ ਮੁਕਤ ਕਰਨਾ ਚਾਹੀਦਾ ਹੈ।

ਕੇਂਦਰੀ ਸਪਾਂਸਰ ਸਕੀਮਾਂ ਦੇ ਸਪੁਰਦਗੀ ਫੰਡਾਂ ਵਿਚ ਸੂਬਿਆਂ ਨੂੰ ਵੱਧ ਲਚਕਤਾ ਦੀ ਇਜਾਜ਼ਤ ਦੇਣੀ ਚਾਹੀਦੀ ਹੈ। ਉਨ੍ਹਾਂ ਸਪੁਰਦਗੀ ਫੰਡਾਂ ਵਿੱਚ ਪੰਜਾਬ ਦਾ ਹਿੱਸਾ 1.5 ਫੀਸਦੀ ਤੋਂ ਵਧਾ ਕੇ 2 ਫੀਸਦੀ ਕਰਨ ਦੀ ਮੰਗ ਕੀਤੀ ਜਦਕਿ ਪਿਛਲੇ 40 ਸਾਲਾਂ ਦੌਰਾਨ 2.45 ਫੀਸਦੀ ਤੋਂ ਘਟ ਕੇ 1.57 ਫੀਸਦੀ ਰਹਿ ਗਿਆ ਹੈ। ਉਨ੍ਹਾਂ ਅਨੁਸੂਚਿਤ ਜਾਤੀਆਂ/ਅਨੁਸੂਚਿਤ ਕਬੀਲਿਆਂ ਵਰਗੇ ਮੌਜੂਦਾ ਮਾਪਦੰਡਾਂ ਵਿਚ ਕੁਝ ਵਿਸ਼ੇਸ਼ ਨਵੇਂ ਤੱਤ ਜੋੜਨ ਦਾ ਵੀ ਸੁਝਾਅ ਦਿੱਤਾ, ਤਾਂ ਜੋ ਸੂਬਿਆਂ ਵਿਚ ਸਰੋਤਾਂ ਦੀ ਬਰਾਬਰ ਵੰਡ ਲਈ ਮਦਦ ਮਿਲ ਸਕੇ। ਮੁੱਖ ਮੰਤਰੀ ਨੇ ਕਿਹਾ ਕਿ ਸੂਬਿਆਂ ਵਿਚ ਸੋਮਿਆਂ ਦੀ ਵੰਡ ਕਰਨ ਸਮੇਂ ਦੇਸ਼ ਦੀ ਆਰਥਿਕਤਾ ਵਿਚ ਯੋਗਦਾਨ ਨੂੰ ਵੀ ਵਿਚਾਰਿਆ ਜਾਵੇ ਅਤੇ ਉਨ੍ਹਾਂ ਨੂੰ ਕੁਲ ਰਾਜ ਘਰੇਲੂ ਉਤਪਾਦਨ ਵਿਚ ਯੋਗਦਾਨ ਲਈ 10 ਫੀਸਦੀ ਦਾ ਲਾਭ ਦਿੱਤਾ ਜਾਵੇ। ਉਨ੍ਹਾਂ ਨਵਿਆਉਣਯੋਗ ਊਰਜਾ ਸੋਮਿਆਂ ਰਾਹੀਂ ਬਿਜਲੀ ਉਤਪਾਦਨ ਲਈ ਵੀ ਰਾਜਾਂ ਨੂੰ ਇਕ ਫ਼ੀਸਦੀ ਦਾ ਲਾਭ ਦੇਣ ਦੀ ਤਜਵੀਜ਼ ਰੱਖੀ ਤਾਂ ਜੋ ਜੰਗਲਾਤ ਘੇਰੇ ਦੇ ਮੌਜੂਦਾ ਮਾਪਦੰਡਾਂ ਨੂੰ ਹੋਰ ਮਜ਼ਬੂਤ ਕਰਨ ਦੇ ਨਾਲ-ਨਾਲ ਟਿਕਾਊ ਸੂਚਕ ਨੂੰ ਮੁੜ ਪ੍ਰਭਾਸ਼ਿਤ ਕੀਤਾ ਜਾ ਸਕੇ। ਰਾਜ ਅੰਦਰ ਧਰਤੀ ਹੇਠਲੇ ਪਾਣੀ ਦੇ ਡਿਗਦੇ ਪੱਧਰ ਨਾਲ ਪੈਦਾ ਹੋ ਰਹੀ ਗੰਭੀਰ ਸਥਿਤੀ ਬਾਬਤ ਮੁੱਖ ਮੰਤਰੀ ਨੇ ਕਮਿਸ਼ਨ ਤੋਂ ਪੰਜਾਬ ਦੇ ਸ਼ਹਿਰੀ ਅਤੇ ਪੇਂਡੂ ਖੇਤਰਾਂ ਵਿਚ ਮੁਕੰਮਲ ਜਲ ਚੱਕਰ ਪ੍ਰਬੰਧਨ ਲਈ 12000 ਕਰੋੜ ਰੁਪਏ ਦੀ ਗ੍ਰਾਂਟ ਮੰਗੀ। ਉਨ੍ਹਾਂ ਕਿਹਾ ਕਿ ਇਸ ਬਾਬਤ ਉਨ੍ਹਾਂ ਦੀ ਸਰਕਾਰ ਵੱਲੋਂ ਯੋਗ ਕਦਮ ਚੁੱਕੇ ਜਾ ਰਹੇ ਹਨ ਜਿਸ ਤਹਿਤ ਬੀਤੇ ਸਮੇਂ ਦੌਰਾਨ ਇਜ਼ਰਾਇਲ ਦੀ ਕੌਮੀ ਜਲ ਏਜੰਸੀ ਮੇਕੋਰੋਟ ਨਾਲ ਵੀ ਇਕ ਸਮਝੌਤਾ ਸਹੀਬੱਧ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਕ ਪਾਇਲਟ ਪ੍ਰਾਜੈਕਟ ਤਹਿਤ ਕਿਸਾਨਾਂ ਨੂੰ 'ਪਾਣੀ ਬਚਾਓ, ਪੈਸੇ ਕਮਾਓ' ਪ੍ਰੋਗਰਾਮ ਰਾਹੀਂ ਉਨ੍ਹਾਂ ਦੇ ਖਾਤਿਆਂ ਵਿਚ ਬਿਜਲੀ ਦੇ ਬਿਲਾਂ ਦੀ ਸਿੱਧੀ ਅਦਾਇਗੀ ਕਰਕੇ ਬਿਜਲੀ ਦੇ ਨਾਲ-ਨਾਲ ਧਰਤੀ ਹੇਠਲਾ ਪਾਣੀ ਬਚਾਉਣ ਦੇ ਮਕਸਦ ਨਾਲ ਉਨ੍ਹਾਂ ਨੂੰ ਫ਼ਸਲੀ ਵਿਭਿੰਨਤਾ ਲਈ ਉਤਸ਼ਾਹਤ ਕੀਤਾ ਜਾ ਰਿਹਾ ਹੈ। ਉਨ੍ਹਾਂ ਕਮਿਸ਼ਨ ਨੂੰ ਦੱਸਿਆ ਕਿ ਪੰਜਾਬ ਸਰਕਾਰ ਨੇ ਪੇਂਡੂ ਵਸੋਂ ਲਈ ਹਰ ਘਰ ਨੂੰ ਪਾਈਪਾਂ ਵਿਛਾ ਕੇ ਪੀਣ ਵਾਲਾ ਪਾਣੀ ਮੁਹੱਈਆ ਕਰਵਾਉਣ ਦਾ ਪ੍ਰੋਗਰਾਮ ਉਲੀਕਿਆ ਹੈ, ਜੋ ਕਿ ਦਸੰਬਰ, 2019 ਤੱਕ ਮੁਕੰਮਲ ਕਰ ਲਿਆ ਜਾਵੇਗਾ। ਕੈਪਟਨ ਅਮਰਿੰਦਰ ਸਿੰਘ ਨੇ ਕਮਿਸ਼ਨ ਤੋਂ ਮੰਗ ਕੀਤੀ ਕਿ ਪੰਜਾਬ ਨੂੰ ਬਿਜਲੀ ਅਤੇ ਸੜਕੀ ਖੇਤਰਾਂ ਦੇ ਬੁਨਿਆਦੀ ਢਾਂਚੇ ਲਈ ਕ੍ਰਮਵਾਰ 5500 ਕਰੋੜ ਅਤੇ 6719 ਕਰੋੜ ਰੁਪਏ ਦੀ ਗ੍ਰਾਂਟ ਜਾਰੀ ਕੀਤੀ ਜਾਵੇ, ਕਿਉਂਕਿ ਰਾਜ ਨੇ ਇਨ੍ਹਾਂ ਖੇਤਰਾਂ ਵਿਚ ਆਪਣੇ ਵਸੀਲਿਆਂ ਰਾਹੀਂ ਲੋੜੀਂਦਾ ਢਾਂਚਾ ਹੀ ਮੁਹੱਈਆ ਨਹੀਂ ਕਰਵਾਇਆ, ਸਗੋਂ ਬਾਕੀਆਂ ਨਾਲੋਂ ਵੀ ਇਨ੍ਹਾਂ ਖੇਤਰਾਂ ਵਿਚ ਸੂਬਾ ਮੋਹਰੀ ਹੈ, ਜਦਕਿ ਵੱਖ-ਵੱਖ ਕੇਂਦਰੀ ਸਕੀਮਾਂ ਤਹਿਤ ਰਾਜ ਨੂੰ ਇਨ੍ਹਾਂ ਖੇਤਰਾਂ ਲਈ ਨਾ ਤਾਂ ਕੋਈ ਮੁੱਖ ਗ੍ਰਾਂਟ ਮਿਲੀ ਹੈ ਅਤੇ ਨਾ ਹੀ ਇਨ੍ਹਾਂ ਦੇ ਰੱਖ-ਰਖਾਅ ਦੇ ਖਰਚਿਆਂ ਦਾ ਕੋਈ ਉਪਬੰਧ ਹੈ। ਮੁੱਖ ਮੰਤਰੀ ਨੇ ਕੈਂਸਰ ਦੀ ਰੋਕਥਾਮ ਲਈ ਵੀ ਬੁਨਿਆਦੀ ਢਾਂਚੇ ਦੀ ਮਜ਼ਬੂਤੀ ਲਈ 100 ਕਰੋੜ ਰੁਪਏ ਅਤੇ ਪੇਂਡੂ ਖੇਤਰਾਂ ਅਤੇ ਸ਼ਹਿਰਾਂ ਦੇ ਆਲੇ-ਦੁਆਲੇ ਸੀਵਰੇਜ ਸਹੂਲਤਾਂ ਲਈ 505 ਕਰੋੜ ਦੀ ਮੰਗ ਕੀਤੀ।

ਮੁੱਖ ਮੰਤਰੀ ਨੇ ਕਮਿਸ਼ਨ ਨੂੰ ਦੱਸਿਆ ਕਿ ਵਿੱਤੀ ਤੰਗੀ ਦੇ ਬਾਵਜੂਦ ਰਾਜ ਸਰਕਾਰ ਸੂਬੇ ਅੰਦਰ ਵਿਕਾਸ ਨੂੰ ਹੁਲਾਰਾ ਦੇਣ ਅਤੇ ਹਰ ਪੱਧਰ 'ਤੇ ਜੀਵਨ ਵਿੱਚ ਸੁਧਾਰ ਲਈ ਪੂਰਾ ਤਾਣ ਲਾ ਰਹੀ ਹੈ। ਉਨ੍ਹਾਂ ਕਿਹਾ ਕਿ 2018 ਵਿੱਚ ਦੇਸ਼ ਅੰਦਰ ਸਿਹਤ ਖੇਤਰ ਦੇ ਨਕਸ਼ੇ 'ਤੇ ਪੰਜਾਬ ਸਭ ਤੋਂ ਵਧੀਆ ਕਾਰਗੁਜ਼ਾਰੀ ਵਾਲਾ ਦੂਜਾ ਸੂਬਾ ਸੀ। ਉਨ੍ਹਾਂ ਕਿਹਾ ਕਿ ਪੰਜਾਬ ਨੇ 1976 ਵਿਚ ਹੀ ਪੇਂਡੂ ਖੇਤਰਾਂ ਨੂੰ 100 ਫ਼ੀਸਦੀ ਬਿਜਲੀ ਮੁਹੱਈਆ ਕਰਵਾਉਣ ਦਾ ਟੀਚਾ ਸਰ ਕਰ ਲਿਆ ਸੀ। ਬਿਜਲੀ ਖੇਤਰ ਵਿਚ ਉਨ੍ਹਾਂ ਕਿਹਾ ਕਿ ਦੇਸ਼ ਅੰਦਰ ਪੰਜਾਬ ਸਭ ਤੋਂ ਘੱਟ ਟਰਾਂਸਮਿਸ਼ਨ ਅਤੇ ਵੰਡ ਘਾਟਾਂ ਵਾਲਾ ਰਾਜ ਹੈ। ਉਨ੍ਹਾਂ ਕਿਹਾ ਕਿ ਸੜਕੀ ਨੈੱਟਵਰਕ ਵਿੱਚ ਪੰਜਾਬ, ਦੇਸ਼ ਭਰ ਵਿਚ ਦੂਜਾ ਰਾਜ ਹੈ ਅਤੇ ਇਸ ਦੀ ਰੇਲ ਘਣਤਾ ਕੌਮੀ ਔਸਤ ਤੋਂ ਵੀ ਵੱਧ ਹੈ। ਉਨ੍ਹਾਂ ਕਿਹਾ ਕਿ ਦੇਸ਼ ਵਿੱਚ ਬੁਨਿਆਦੀ ਢਾਂਚੇ, ਸੇਵਾਵਾਂ, ਸਮਾਯੋਜਨ, ਸੁਰੱਖਿਆ ਅਤੇ ਨਿਗਰਾਨੀ ਅਤੇ ਮੁਕਾਬਲੇਬਾਜ਼ੀ ਕੀਮਤ ਦੇ ਖੇਤਰ ਵਿੱਚ ਬਿਹਤਰੀਨ ਕਾਰਗੁਜ਼ਾਰੀ ਲਈ ਲਾਜਿਸਟਿਕ ਈਜ਼ ਐਕਰੋਸ ਡਿਫਰੈਂਟ ਸਟੇਟਸ (ਲੀਡਸ) ਟੇਬਲ 'ਤੇ ਵੀ ਪੰਜਾਬ ਨੇ ਦੂਸਰਾ ਸਥਾਨ ਹਾਸਲ ਕੀਤਾ ਹੈ। ਮੁੱਖ ਮੰਤਰੀ ਨੇ ਸੂਬੇ ਵੱਲੋਂ ਨਾਗਰਿਕ ਸੇਵਾਵਾਂ ਦੇ ਲਈ ਹਲਫ਼ੀਆ ਬਿਆਨ ਦੇ ਅਮਲ ਨੂੰ ਖਤਮ ਕਰਕੇ ਦੇਸ਼ ਵਿੱਚ ਅਗਵਾਈ ਕਰਨ, ਵੀ.ਆਈ.ਪੀ. ਸੱਭਿਆਚਾਰ ਅਤੇ ਲਾਲ ਬੱਤੀ ਨੂੰ ਖਤਮ ਕਰਨ ਆਦਿ ਦਾ ਵੀ ਜ਼ਿਕਰ ਕੀਤਾ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਪਿਛਲੇ ਦੋ ਸਾਲਾਂ ਦੌਰਾਨ 305 ਸਹਿਮਤੀ ਪੱਤਰਾਂ 'ਤੇ ਹਸਤਾਖਰ ਕੀਤੇ ਹਨ ਜਿਨ੍ਹਾਂ ਦੀ ਨਿਵੇਸ਼ ਸਮਰਥਾ 42905 ਕਰੋੜ ਰੁਪਏ ਹੈ। ਇਨ੍ਹਾਂ ਦੇ ਰੁਜ਼ਗਾਰ ਦੇਣ ਦੀ ਸਮਰੱਥਾ ਲਗਪਗ ਇਕ ਲੱਖ ਨੌਕਰੀਆਂ ਹਨ। ਉਨ੍ਹਾਂ ਦੱਸਿਆ ਕਿ ਪਾਰਦਰਸ਼ਤਾ ਅਤੇ ਜਵਾਬਦੇਹੀ ਨੂੰ ਯਕੀਨੀ ਬਣਾਉਣ ਲਈ ਉਨ੍ਹਾਂ ਦੀ ਸਰਕਾਰ ਨੇ ਪੰਜਾਬ ਟਰਾਂਪੇਰੈਂਸੀ ਐਂਡ ਅਕਾਊਂਟੇਬਿਲਟੀ ਇਨ ਡਲਿਵਰੀ ਆਫ ਪਬਲਿਕ ਸਰਵਿਸਿਜ਼ (ਇਨਕਲੂਡਿੰਗ ਇਲੈਕਟ੍ਰਾਨਿਕ ਸਰਵਿਸ ਡਲਿਵਰੀ) ਐਕਟ-2018 ਬਣਾਇਆ, ਜਿਸ ਦਾ ਮਕਸਦ ਆਪਣੇ ਨਾਗਰਿਕਾਂ ਨੂੰ ਅਗਲੇ ਤਿੰਨ ਸਾਲਾਂ 'ਚ ਡਿਜੀਟਲ ਸੇਵਾਵਾਂ ਮੁਹੱਈਆ ਕਰਵਾਉਣਾ ਹੈ।

ਪੰਜਾਬ ਕੇ ਲਿਏ ਮਾਂਗਾ
ਵਿਸ਼ੇਸ਼ ਕਰਜ਼ ਰਾਹਤ
ਪੈਕੇਜ।

**PRESS INFORMATION BUREAU**
**GOVT. OF INDIA**
**JALANDHAR**

1. Name of Newspaper/ : Rozana Pehredar
2. Place : Ludhiana
3. Dated : 31-1-2019
4. Language : Punjabi

# ਪੰਜਾਬ ਸਰਕਾਰ ਵੱਲੋਂ 31000 ਕਰੋੜ ਰੁਪਏ ਦੇ ਹੱਲ ਲਈ 15ਵੇਂ ਵਿੱਤ ਕਮਿਸ਼ਨ ਦੀ ਕਮੇਟੀ ਦਾ ਗਠਨ




ਚੰਡੀਗੜ੍ਹ 30 ਜਨਵਰੀ (ਪ.ਬ.) ਸੂਬੇ ਦੇ ਸੰਕਟ ਵਿੱਚ ਘਿਰੇ ਕਿਸਾਨਾਂ ਦੀ ਮਦਦ ਲਈ ਕਰਜ਼ਾ ਮੁਆਫੀ ਦੇ ਸਾਰੇ ਪੱਖਾਂ 'ਤੇ ਧਿਆਨ ਦੇਣ ਦਾ ਵਾਅਦਾ ਕਰਦੇ ਹੋਏ ਚੇਅਰਮੈਨ ਨੇ ਮੁੱਖ ਮੰਤਰੀ ਨੂੰ ਪੰਜਾਬ ਦੀਆਂ ਵਿੱਤੀ ਹਾਲਤਾਂ ਦੀ ਮੁੜ ਸੁਰਜੀਤੀ ਲਈ ਹਰ ਸੰਭਵ ਮਦਦ ਦਾ ਭਰੋਸਾ ਦਿਵਾਇਆ। ਅਨਾਜ ਖਾਤੇ ਦੇ 31000 ਕਰੋੜ ਰੁਪਏ ਮੁਆਫ ਕਰਵਾਉਣ ਲਈ ਸੂਬੇ ਦੀਆਂ ਲਗਾਤਾਰ ਕੋਸ਼ਿਸ਼ਾਂ ਨੂੰ ਹੁਲਾਰਾ ਦਿੰਦੇ ਹੋਏ 15ਵੇਂ ਵਿੱਤ ਕਮਿਸ਼ਨ ਦੇ ਚੇਅਰਮੈਨ ਐਨ.ਕੇ. ਸਿੰਘ ਨੇ ਕਿਹਾ ਕਿ ਇਸ ਮੁੱਦੇ ਨੂੰ ਦਬਾਅ ਕੇ ਨਹੀਂ ਰੱਖਿਆ ਜਾ ਸਕਦਾ।

ਉਨ੍ਹਾਂ ਵੱਲੋਂ ਇਸ ਮਾਮਲੇ ਦੇ ਨਿਪਟਾਰੇ ਦਾ ਰਾਹ ਲੱਭਣ ਲਈ ਕਮੇਟੀ ਦਾ ਗਠਨ ਵੀ ਕੀਤਾ ਗਿਆ ਹੈ। ਐਨ.ਕੇ.ਸਿੰਘ ਨੇ ਕਿਹਾ ਕਿ ਵਿੱਤ ਕਮਿਸ਼ਨ ਦੇ ਹੇਠ ਕੇਂਦਰ, ਸੂਬੇ ਤੇ ਐਫ.ਸੀ.ਆਈ ਦੀ ਕਮੇਟੀ ਇਸ ਸਬੰਧੀ ਸਾਰੀਆਂ ਸੰਭਾਵਨਾਵਾਂ ਦਾ ਪਤਾ ਲਾਵੇਗੀ ਅਤੇ ਸੰਵਿਧਾਨ ਉਚਿਤਤਾ ਅਨੁਸਾਰ ਇਸ ਸਮੱਸਿਆ ਦੇ ਨਿਪਟਾਰੇ ਲਈ ਹਵਾਲਿਆਂ ਦੀਆਂ ਸ਼ਰਤਾਂ ਪੇਸ਼ ਕਰੇਗਾ।

ਉਨਾਂ ਕਿਹਾ ਕਿ ਖੇਤੀ ਕਰਜ਼ੇ ਦੀ ਮੁਆਫੀ ਬਾਰੇ ਫੈਸਲਾ ਲੈਂਦੇ ਹੋਏ ਕਮਿਸ਼ਨ ਸੂਬੇ ਦੀ ਸਮੁੱਚੀ ਵਿੱਤੀ ਸਥਿਤੀ ਨੂੰ ਧਿਆਨ ਵਿੱਚ ਰੱਖੇਗਾ। ਉਨ੍ਹਾਂ ਨੇ ਸੂਬੇ ਦੇ ਸੰਤੁਲਿਤ ਸਮਾਜਿਕ-ਆਰਥਿਕ ਵਿਕਾਸ ਨੂੰ ਯਕੀਨੀ ਬਣਾਉਣ ਲਈ ਕਮਿਸ਼ਨ ਦੀ ਵਚਨਬੱਧਤਾ 'ਤੇ ਜ਼ੋਰ ਦਿੱਤਾ। ਟਰੱਕ ਯੂਨੀਅਨਾਂ ਨੂੰ ਖਤਮ ਕਰਨ ਲਈ ਚੇਅਰਮੈਨ ਨੇ ਮੁੱਖ ਮੰਤਰੀ ਦੀ ਪ੍ਰਸ਼ੰਸਾ ਵੀ ਕੀਤੀ ਅਤੇ ਇਸ ਨੂੰ ਕਿਸੇ ਵੀ ਸਿਆਸਤਦਾਨ ਲਈ ਮੁਸ਼ਕਲ ਕਾਰਜ ਦੱਸਿਆ। ਉਨ੍ਹਾਂ ਨੇ ਅਨਾਜ ਦੀ ਖਰੀਦ ਪ੍ਰਕਿਰਿਆ ਨੂੰ ਹੋਰ ਕੁਸ਼ਲ ਅਤੇ ਵਧੀਆ ਤਰੀਕੇ ਨਾਲ ਕਰਨ ਲਈ ਸੂਬੇ ਦੇ ਆਗੂ ਭੂਮਿਕਾ ਨਿਭਾਉਣ ਦੀ ਅਪੀਲ ਕੀਤੀ ਤਾਂ ਜੋ ਇਸ ਨੂੰ ਹੋਰਾਂ ਸੂਬਿਆਂ ਵਿੱਚ ਵੀ ਲਾਗੂ ਕੀਤਾ ਜਾ ਸਕੇ। ਬਾਕੀ ਸਫ਼ਾ 11 'ਤੇ

पंजाब सरकार द्वारा 31,000 करोड़ रुपए के हल के लिए 15वें वित्त आयोग की समिति का गठन

JALANDHAR

1. Name of Newspaper : Daily Akali Patrika
2.Place : Jalandhar
3.Dated : 31-1-2019
4. Language : Punjabi

# ਅਮਰਿੰਦਰ ਸਿੰਘ ਨੇ ਪੰਜਾਬ ਲਈ ਵਿਸ਼ੇਸ਼ ਕਰਜ਼ਾ ਰਾਹਤ ਪੈਕੇਜ ਮੰਗਿਆ

ਚੰਡੀਗੜ੍ਹ, 30 ਜਨਵਰੀ (ਰਾਜਕੁਮਾਰ ਵਰਮਾ)-ਸੂਬੇ ਨੂੰ ਦਰਪੇਸ਼ ਵਿੱਤੀ ਸੰਕਟ ਦਾ ਜ਼ਿਕਰ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ 15ਵੇਂ ਵਿੱਤ ਕਮਿਸ਼ਨ ਪਾਸੋਂ ਵਿਸ਼ੇਸ਼ ਕਰਜ਼ਾ ਰਾਹਤ ਪੈਕੇਜ ਦੀ ਮੰਗ ਕੀਤੀ ਤਾਂ ਕਿ ਸੂਬੇ ਦੇ ਅਰਥਚਾਰੇ ਨੂੰ ਮੁੜ ਮਜ਼ਬੂਤ ਬਣਾਉਣ ਲਈ ਉਨ੍ਹਾਂ ਦੀ ਸਰਕਾਰ ਦੇ ਯਤਨਾਂ ਨੂੰ ਸਹਾਰਾ ਮਿਲ ਸਕੇ। ਇਸ ਦੇ ਨਾਲ ਹੀ ਮੁੱਖ ਮੰਤਰੀ ਨੇ ਪੰਜਾਬ ਵਿੱਚ ਸੰਕਟ ਨਾਲ ਜੂਝ ਰਹੇ ਕਿਸਾਨਾਂ ਦੇ ਸਾਰੇ ਕਰਜ਼ੇ 'ਤੇ ਲੀਕ ਫੇਰਨ ਲਈ ਯਕਮੁਸ਼ਤ ਪੈਕੇਜ ਵੀ ਮੰਗਿਆ। ਅੱਜ ਇੱਥੇ 15ਵੇਂ ਵਿੱਤ ਕਮਿਸ਼ਨ ਨਾਲ ਮੀਟਿੰਗ ਦੌਰਾਨ ਮੁੱਖ ਮੰਤਰੀ ਨੇ ਜੀ.ਐਸ.ਟੀ. ਲਾਗੂ ਹੋਣ ਤੋਂ ਬਾਅਦ ਸੂਬੇ ਨੂੰ ਮਾਲੀਏ ਪੱਖੋਂ ਸਥਾਈ ਘਾਟਾ ਹੋਣ ਦਾ ਜ਼ਿਕਰ ਕਰਦਿਆਂ ਦੱਸਿਆ ਕਿ ਕੇਂਦਰ ਸਰਕਾਰ ਵੱਲੋਂ ਦਿੱਤਾ ਜਾਂਦਾ ਮੁਆਵਜ਼ਾ ਵੀ ਇਕ ਜੁਲਾਈ, 2022 ਤੱਕ ਖਤਮ ਹੋ ਜਾਵੇਗਾ ਜਿਸ ਤੋਂ ਬਾਅਦ ਸੂਬੇ ਦੇ ਮਾਲੀਏ ਵਿੱਚ ਸਾਲਾਨਾ 10,000-12,000 ਤੱਕ ਦੀ ਵੱਡੀ ਕਮੀ ਆਵੇਗੀ। ਇਸ ਘਾਟੇ ਦੇ ਮੱਦੇਨਜ਼ਰ ਮੁੱਖ ਮੰਤਰੀ ਨੇ ਕਿਹਾ ਕਿ ਭਾਰਤ ਸਰਕਾਰ ਵੱਲੋਂ ਪੰਜਾਬ ਵਰਗੇ ਸੂਬਿਆਂ ਲਈ



ਮੁਆਵਜ਼ੇ ਦੇ ਸਬੰਧ ਵਿੱਚ ਬਣਾਇਆ ਫਾਰਮੂਲਾ 30 ਜੂਨ, 2022 ਤੋਂ ਬਾਅਦ ਵੀ ਜਾਰੀ ਰੱਖਿਆ ਜਾਵੇ ਤਾਂ ਜੋ ਇਹ ਸੂਬੇ ਸੰਕਟ ਵਿੱਚ ਨਾ ਫਸਣ। ਮੁੱਖ ਮੰਤਰੀ ਨੇ ਕਮਿਸ਼ਨ ਅੱਗੇ ਸੂਬੇ ਦੀਆਂ ਵਿਸ਼ੇਸ਼ ਸਮੱਸਿਆਵਾਂ ਵੀ ਉਠਾਈਆਂ ਜਿਨ੍ਹਾਂ ਵਿੱਚ ਫੀਸਦੀ ਦੇ ਹਿਸਾਬ ਨਾਲ ਸਭ ਤੋਂ ਵੱਧ ਅਨੁਸੂਚਿਤ ਜਾਤੀ ਦੀ ਆਬਾਦੀ, ਪਾਕਿਸਤਾਨ ਦੀ ਸਰਹੱਦ 'ਤੇ ਸਥਿਤ ਲੰਮਾ ਅਤੇ ਸੰਘਣੀ ਵਸੋਂ ਵਾਲਾ ਸੂਬਾ, ਦਰਿਆਈ ਅਤੇ ਨੀਮ ਪਹਾੜੀ ਇਲਾਕੇ ਅਤੇ ਗੁਆਂਢੀ ਸੂਬਿਆਂ ਨੂੰ ਰਿਆਇਤਾਂ ਦੇਣ ਨਾਲ ਉਦਯੋਗ ਦਾ ਹਿਜਰਤ ਕਰਨਾ ਸ਼ਾਮਲ ਹਨ। ਉਨ੍ਹਾਂ ਨੇ ਕਮਿਸ਼ਨ ਨਾਲ ਆਪਣੀ ਸਰਕਾਰ ਦੀਆਂ ਮੰਗਾਂ ਵੀ ਸਾਂਝੀਆਂ ਕੀਤੀਆਂ। ਮੁੱਖ ਮੰਤਰੀ ਨੇ ਉਨ੍ਹਾਂ ਦੀ ਸਰਕਾਰ ਦੇ ਵੱਖ-ਵੱਖ ਪ੍ਰੋਗਰਾਮਾਂ ਅਤੇ ਠੋਸ ਯਤਨਾਂ ਦੇ ਬਾਵਜੂਦ ਸੂਬੇ ਦੇ ਵਿਕਾਸ ਵਿੱਚ ਕਈ ਰੁਕਾਵਟਾਂ ਹੋਣ ਦਾ ਹਵਾਲਾ ਦਿੰਦਿਆਂ ਪੰਜਾਬ ਲਈ ਵਿਸ਼ੇਸ਼ ਪੈਕੇਜ ਦੀ ਲੋੜ 'ਤੇ ਜ਼ੋਰ ਦਿੱਤਾ। ਮੁੱਖ ਮੰਤਰੀ ਨੇ ਕਮਿਸ਼ਨ ਨੂੰ ਰਸਮੀ ਮੈਮੋਰੰਡਮ ਸੌਂਪਦਿਆਂ ਦੱਸਿਆ ਕਿ ਪੰਜਾਬ ਜੀ.ਸੀ.ਐਸ. ਵਿੱਚੋਂ ਕੁਲ ਰਾਜ ਘਰੇਲੂ ਉਤਪਾਦ (ਜੀ.ਐਸ.ਡੀ.ਪੀ.) ਦਰ ਦੇ ਬਕਾਇਆ ਕਰਜ਼ੇ ਅਤੇ ਕੁਲ ਮਾਲੀਆ ਪ੍ਰਾਪਤੀਆਂ ਦੀ ਦਰ ਦੇ ਸਭ ਤੋਂ ਜ਼ਿਆਦਾ ਵਿਆਜ ਭੁਗਤਾਨ ਕਰਨ ਵਾਲਾ ਹੈ। ਉਨ੍ਹਾਂ ਕਿਹਾ ਕਿ ਇਹ ਪੈਕੇਜ ਆਮ ਕਰਜ਼ਾ ਰਾਹਤ ਸਕੀਮ ਤਹਿਤ ਦਿੱਤਾ ਜਾ ਸਕਦਾ ਹੈ ਜਿਸ ਨੂੰ ਸੂਬਿਆਂ ਦੀ ਵਿੱਤੀ ਕਾਰਗੁਜ਼ਾਰੀ ਨਾਲ ਜੋੜਿਆ ਜਾਵੇ, ਜਿਵੇਂ ਕਿ ਪਿਛਲੇ ਸਮੇਂ ਵਿੱਚ ਵਿੱਤ ਕਮਿਸ਼ਨਾਂ ਵੇਲੇ ਹੁੰਦਾ ਰਿਹਾ ਹੈ। ਮੁੱਖ ਮੰਤਰੀ ਨੇ ਦੱਸਿਆ ਕਿ ਉਨ੍ਹਾਂ ਦੀ ਸਰਕਾਰ ਨੂੰ ਪਿਛਲੀ ਅਕਾਲੀ-ਭਾਜਪਾ ਸਰਕਾਰ ਪਾਸੋਂ 2.10 ਲੱਖ ਕਰੋੜ ਰੁਪਏ ਦਾ ਕਰਜ਼ਾ ਵਿਰਾਸਤ ਵਿੱਚ ਮਿਲਿਆ ਸੀ ਜਿਸ ਨਾਲ ਪੰਜਾਬ ਮਾਲੀਆ ਘਾਟੇ ਵਾਲਾ ਸੂਬਾ ਬਣ ਗਿਆ। ਉਨ੍ਹਾਂ ਕਿਹਾ ਕਿ ਪਿਛਲੇ ਵਿੱਤ ਕਮਿਸ਼ਨ ਨੇ ਮਾਲੀਏ ਪੱਖੋਂ ਘਾਟੇ ਵਾਲੇ ਸੂਬਿਆਂ ਵਿੱਚੋਂ ਪੰਜਾਬ ਨੂੰ ਬਾਹਰ ਕਰ ਦਿੱਤਾ ਸੀ, ਭਾਵੇਂ ਕਿ ਇਸ ਨੂੰ 12ਵੇਂ ਵਿੱਤ ਕਮਿਸ਼ਨ ਨੇ ਸ਼ਾਮਲ ਕੀਤਾ ਸੀ। ਮੁੱਖ ਮੰਤਰੀ ਨੇ ਕਿਹਾ ਕਿ ਭਾਵੇਂ ਪੰਜਾਬ, (ਬਾਕੀ ਸਫ਼ਾ 2 'ਤੇ)

**15ਵੇਂ ਵਿੱਤ ਕਮਿਸ਼ਨ ਕੋਲ ਕਿਸਾਨਾਂ ਲਈ ਯਕਮੁਸ਼ਤ ਕਰਜ਼ਾ ਰਾਹਤ ਦੀ ਵੀ ਮੰਗ ਉਠਾਈ**

**ਫੰਡਾਂ ਦੀ ਵੰਡ ਵਿੱਚ ਸੂਬੇ ਦਾ ਹਿੱਸਾ ਵਧਾਉਣ ਲਈ ਆਖਿਆ**

**ਪਾਣੀ ਅਤੇ ਨਸ਼ੇ ਦੀ ਸਮੱਸਿਆ ਸੁਲਝਾਉਣ ਲਈ ਵੀ ਫੰਡ ਮੰਗੇ**

## ਅਮਰਿੰਦਰ ਸਿੰਘ ਨੇ……………

